ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

# ਸਾਂਝੀ ਸੋਚ
SANJHI SOCH HD
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-11 ISSUE 1775 | 18 June, 2024 Tuesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

# ਪ੍ਰਿਅੰਕਾ ਗਾਂਧੀ ਵਾਇਨਾਡ ਤੋਂ ਲੜੇਗੀ ਚੋਣ

**ਨਵੀਂ ਦਿੱਲੀ ਸਾਂਝੀ ਸੋਚ ਬਿਊਰੋ**

ਪ੍ਰਿਅੰਕਾ ਗਾਂਧੀ ਵਾਇਨਾਡ ਤੋਂ ਉਪ ਚੋਣ ਲੜੇਗੀ। ਰਾਹੁਲ ਗਾਂਧੀ ਅਤੇ ਅਰਜੁਨ ਖੜਗੇ ਨੇ ਸੋਮਵਾਰ ਨੂੰ ਕਾਂਗਰਸ ਦੀ 2 ਘੰਟੇ ਤੋਂ ਵੱਧ ਚੱਲੀ ਮੀਟਿੰਗ ਤੋਂ ਬਾਅਦ ਇਹ ਐਲਾਨ ਕੀਤਾ। ਰਾਹੁਲ ਗਾਂਧੀ ਕੇਰਲ ਦੀ ਵਾਇਨਾਡ ਸੀਟ ਤੋਂ ਅਸਤੀਫਾ ਦੇਣਗੇ ਅਤੇ ਰਾਏਬਰੇਲੀ ਤੋਂ ਸੰਸਦ ਮੈਂਬਰ ਬਣੇ ਰਹਿਣਗੇ। ਹੁਣ ਵਾਇਨਾਡ ਤੋਂ ਪ੍ਰਿਅੰਕਾ ਗਾਂਧੀ ਉਪ ਚੋਣ ਲੜੇਗੀ। ਦੱਸ ਦੇਈਏ ਕਿ ਰਾਹੁਲ ਗਾਂਧੀ ਨੇ ਰਾਏਬਰੇਲੀ ਅਤੇ ਵਾਇਨਾਡ ਦੋਵਾਂ ਸੀਟਾਂ ਤੋਂ ਲੋਕ ਸਭਾ ਦੀਆਂ ਚੋਣਾਂ ਜਿੱਤਿਆਂ ਸਨ। ਉਸ ਤੋਂ ਬਾਅਦ ਹੀ ਅਟਕਲਾਂ ਸ਼ੁਰੂ ਹੋ ਗਈਆਂ ਸਨ ਕਿ ਰਾਹੁਲ ਗਾਂਧੀ ਕਿਹੜੀ ਸੀਟ ਛੱਡਣਗੇ। ਅੱਜ ਕਾਂਗਰਸ ਦੀ ਮੀਟਿੰਗ 'ਚ ਕਾਂਗਰਸ ਪ੍ਰਧਾਨ ਮਲਿਕ ਅਰਜੁਨ ਨੇ ਸਪੱਸ਼ਟ ਕੀਤਾ ਹੈ ਕਿ ਰਾਹੁਲ ਰਾਏਬਰੇਲੀ ਤੋਂ ਹੀ ਸੰਸਦ ਮੈਂਬਰ ਬਣੇ ਰਹਿਣਗੇ ਅਤੇ ਵਾਇਨਾਡ ਤੋਂ ਪ੍ਰਿਅੰਕਾ ਗਾਂਧੀ ਚੋਣ ਲੜਨਗੇ।



# ਪਾਕਿ ਹੈਂਡਲਰ ਦੇ ਰਿਹਾ ਸੀ ਆਰਡਰ, ਮਿਲਿਆ ਟਾਰਗੇਟ ਕਿਲਿੰਗ ਦਾ ਕੰਮ, ਅੱਤਵਾਦੀ ਗ੍ਰਿਫ਼ਤਾਰ




**ਹੰਦਵਾੜਾ ਸਾਂਝੀ ਸੋਚ ਬਿਊਰੋ**

ਸੁਰੱਖਿਆ ਬਲਾਂ ਦੀ ਸਾਂਝੀ ਟੀਮ ਨੇ ਉੱਤਰੀ ਕਸ਼ਮੀਰ ਦੇ ਹੰਦਵਾੜਾ ਦੇ ਕਚਾਰੀ ਪਿੰਡ ਤੋਂ ਹਿਜ਼ਬੁਲ ਮੁਜਾਹਿਦੀਨ ਦੇ ਇੱਕ ਅੱਤਵਾਦੀ ਨੂੰ ਗ੍ਰਿਫ਼ਤਾਰ ਕੀਤਾ ਹੈ। ਕਥਿਤ ਤੌਰ 'ਤੇ ਅੱਤਵਾਦੀ ਨੂੰ ਇਲਾਕੇ 'ਚ ਟਾਰਗੇਟ ਕਿਲਿੰਗ ਦਾ ਕੰਮ ਸੌਂਪਿਆ ਗਿਆ ਸੀ। ਉਸ ਦੇ ਕਬਜ਼ੇ ਵਿੱਚੋਂ ਇੱਕ ਚਾਈਨੀਜ਼ ਪਿਸਤੌਲ ਅਤੇ ਇੱਕ ਗ੍ਰੇਨੇਡ ਵੀ ਬਰਾਮਦ ਹੋਇਆ ਹੈ। ਅਗਲੇਰੀ ਜਾਂਚ ਜਾਰੀ ਹੈ।

ਹੰਦਵਾੜਾ ਦੇ ਐਸਐਸਪੀ ਦਾਊਦ ਅਯੂਬ ਨੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਖਾਸ ਸੂਚਨਾ 'ਤੇ ਕਾਰਵਾਈ ਕਰਦੇ ਹੋਏ, ਫੌਜ ਦੀ 30 ਆਰਆਰ (ਰਾਸ਼ਟਰੀ ਰਾਈਫਲਜ਼) ਅਤੇ ਪੁਲਿਸ ਸਮੇਤ ਸੁਰੱਖਿਆ ਬਲਾਂ ਦੀ ਇੱਕ ਸਾਂਝੀ ਟੀਮ ਨੇ ਇੱਕ ਆਪ੍ਰੇਸ਼ਨ ਕੀਤਾ ਜਿਸ ਦੌਰਾਨ ਅੱਤਵਾਦੀ ਨੂੰ ਗ੍ਰਿਫਤਾਰ ਕੀਤਾ ਗਿਆ। ਅੱਤਵਾਦੀ ਦੀ ਪਛਾਣ ਕਚਰੀ ਹੰਦਵਾੜਾ ਦੇ ਜ਼ਾਕਿਰ ਹਾਮਿਦ ਮੀਰ ਵਜੋਂ ਹੋਈ ਹੈ। ਐਸਐਸਪੀ ਨੇ ਕਿਹਾ ਕਿ ਅੱਤਵਾਦੀ ਨੂੰ ਇਲਾਕੇ ਵਿੱਚ ਨਰਮ ਕਤਲਾਂ ਨੂੰ ਅੰਜਾਮ ਦੇਣ ਦਾ ਕੰਮ ਸੌਂਪਿਆ ਗਿਆ ਸੀ ਅਤੇ ਉਹ ਪਾਕਿਸਤਾਨ ਸਥਿਤ ਹੈਂਡਲਰ ਜ਼ਹੂਰ ਅਹਿਮਦ ਮੀਰ ਦੇ ਸੰਪਰਕ ਵਿੱਚ ਸੀ, ਜਿਸ ਤੋਂ ਉਸ ਨੂੰ ਇਹ ਕੰਮ ਕਰਨ ਲਈ ਨਿਰਦੇਸ਼ ਮਿਲੇ ਸਨ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਹਾਲ ਹੀ ਵਿੱਚ ਜੰਮੂ-ਕਸ਼ਮੀਰ ਪੁਲਿਸ ਅਤੇ ਸੁਰੱਖਿਆ ਬਲਾਂ ਨੂੰ ਹਰ ਕੀਮਤ 'ਤੇ ਅੱਤਵਾਦ ਨੂੰ ਖਤਮ ਕਰਨ ਲਈ ਕਿਹਾ ਹੈ। ਇਸ ਤੋਂ ਇਲਾਵਾ ਅਮਿਤ ਸ਼ਾਹ ਨੇ ਅੱਤਵਾਦੀਆਂ ਅਤੇ ਉਨ੍ਹਾਂ ਦੇ ਸਮਰਥਕਾਂ ਦੁਆਰਾ ਬਣਾਏ ਗਏ ਅੱਤਵਾਦੀ ਵਾਤਾਵਰਣ ਨੂੰ ਤਬਾਹ ਕਰਨ ਦੇ ਵੀ ਆਦੇਸ਼ ਦਿੱਤੇ ਹਨ। ਇਸ ਦੌਰਾਨ ਬਾਂਦੀਪੋਰਾ ਜ਼ਿਲ੍ਹੇ ਵਿੱਚ ਸੁਰੱਖਿਆ ਬਲਾਂ ਨਾਲ ਮੁਕਾਬਲੇ ਦੌਰਾਨ ਇੱਕ ਅੱਤਵਾਦੀ ਮਾਰਿਆ ਗਿਆ। ਮੁੱਠਭੇੜ ਸੋਮਵਾਰ ਸਵੇਰੇ ਹੋਈ, ਪਰ ਕਾਰਵਾਈ ਅਜੇ ਵੀ ਜਾਰੀ ਹੈ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

GINNY BEDI LAW PC
Immigration
Divorce
Custody and Support issues
Business Disputes
Living Trusts
Criminal Matters
Misdemeanors
DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Serving Punjabi Mother Tongue In America For The Last 12 Years
ਸਾਂਝੀ ਸੋਚ
DAILY SANJHI SOCH NEWSPAPER
LAUNCHING SOON IN Canada
ਖ਼ਬਰਾਂ, ਆਰਟੀਕਲ, ਕਵਿਤਾਵਾਂ, ਕਹਾਣੀਆਂ ਅਤੇ ਹੋਰ ਛਪਣਯੋਗ ਸਮੱਗਰੀ
LAUNCHING SOON
info@sanjhisoch.com ਤੇ ਭੇਜੋ
+1 (209) 303-1260 +91 81463-20009

Law Offices of Ashwani K.Bhakhri
1299 Bayshore Hwy Suite 208 Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ® CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS



**Jaswant S.Pannu**
Office: 209-900-1994
Cell: 408-340-0157
jaswantpannu@yahoo.com



**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS
Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ SANJHI SOCH सांझी सोच

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road, Suite H2-167 Modesto, CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਨਵੀਂ ਸਰਕਾਰ ਡਿੱਗਣ ਵਾਲੀ ਨਹੀਂ, ਹਾਲਾਤ ਮੁਤਾਬਕ ਲੋਕ ਹਿੱਤ ਲਈ ਨਵੇਂ ਰਾਹ ਉਲੀਕਣੇ ਪੈਣਗੇ

ਨਵੀਂ ਲੋਕ ਸਭਾ ਚੁਣੇ ਜਾਣ ਅਤੇ ਓਸੇ ਆਗੂ ਵੱਲੋਂ ਇੱਕ ਵਾਰ ਫੇਰ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕਣ ਦੇ ਬਾਅਦ ਭਾਰਤ ਇੱਕ ਨਵੇਂ ਪੜਾਅ ਵਿੱਚ ਦਾਖਲ ਹੋ ਚੁੱਕਾ ਹੈ। 'ਅਬ ਕੀ ਬਾਰ, ਚਾਰ ਸੌ ਪਾਰ' ਦੇ ਨਾਅਰੇ ਲਾਉਣ ਵਾਲੇ ਭਾਜਪਾ ਆਗੂ ਚੋਣਾਂ ਪਿੱਛੋਂ ਇਹ ਕਹਿ ਕੇ ਖੁਦ ਨੂੰ ਹਾਰ ਦੇ ਬਾਵਜੂਦ ਜਿੱਤਿਆ ਦੱਸਦੇ ਪਏ ਹਨ ਕਿ ਜਵਾਹਰ ਲਾਲ ਨਹਿਰੂ ਪਿੱਛੋਂ ਲਗਾਤਾਰ ਤੀਸਰੀ ਵਾਰ ਕੋਈ ਪ੍ਰਧਾਨ ਮੰਤਰੀ ਬਣ ਸਕਿਆ ਤਾਂ ਉਨ੍ਹਾਂ ਦਾ ਆਗੂ ਨਰਿੰਦਰ ਮੋਦੀ ਹੈ। ਸੀਟਾਂ ਨਰਿੰਦਰ ਮੋਦੀ ਦੀ ਅਗਵਾਈ ਹੇਠਲੀ ਭਾਰਤੀ ਜਨਤਾ ਪਾਰਟੀ ਦੀਆਂ ਆਪਣੀਆਂ ਵੀ ਤਿੰਨ ਸੌ ਤਿੰਨ ਤੋਂ ਘਟ ਕੇ ਦੋ ਸੌ ਚਾਲੀ ਰਹਿ ਜਾਣਾ ਉਨ੍ਹਾਂ ਨੂੰ ਰੜਕਦਾ ਹੈ, ਪਰ ਉਹ ਆਪਣੀ ਪੀੜ ਭੁਲਾ ਕੇ ਜੋੜ-ਤੋੜ ਦੀ ਮੁਹਾਰਤ ਕਾਰਨ ਇੱਕ ਵਾਰ ਫਿਰ ਸੱਤਾ ਸਾਂਭਣ ਨੂੰ ਅਸਲ ਨਿਸ਼ਾਨੇ ਦੀ ਪ੍ਰਾਪਤੀ ਕਹਿੰਦੇ ਪਏ ਹਨ। ਜਦੋਂ ਉਹ ਸਰਕਾਰ ਬਣਾ ਲੈਣ ਨੂੰ ਨਿਸ਼ਾਨੇ ਦੀ ਪ੍ਰਾਪਤੀ ਵੱਡੀ ਦੱਸਦੇ ਹਨ ਤਾਂ ਇਸ ਪਾਰਟੀ ਦਾ ਮੁੱਢ ਬੱਝਣ ਤੋਂ ਛੇਵੀ ਵਾਰ ਰਾਜ-ਸੁਖ ਮਾਣਨ ਤੱਕ ਦੇ ਸਿਧਾਂਤ ਤੇ ਵਿਹਾਰ ਪੱਖੋਂ ਹੋਰਨਾਂ ਧਿਰਾਂ ਤੋਂ ਵੱਖਰਾ ਹੋਣ ਦੇ ਦਾਅਵੇ ਨੂੰ ਲੋਕਾਂ ਦੇ ਮਨਾਂ ਵਿੱਚੋਂ ਕੱਢ ਦੇਣਾ ਚਾਹੁੰਦੇ ਹਨ। ਮੋਰਾਰਜੀ ਡਿਸਾਈ ਤੇ ਚੌਧਰੀ ਚਰਨ ਸਿੰਘ ਦੀਆਂ ਦੋ ਸਰਕਾਰਾਂ ਦਾ ਤਜਰਬਾ ਫੇਲ੍ਹ ਹੋ ਜਾਣ ਦੇ ਬਾਅਦ ਜਨਤਾ ਪਾਰਟੀ ਟੁੱਟਣਾ ਤੇ ਉਸ ਵਿੱਚ ਸ਼ਾਮਲ ਪਾਰਟੀਆਂ ਦਾ ਨਵੇਂ ਨਾਵਾਂ ਹੇਠ ਫਿਰ ਵੱਖੋ-ਵੱਖ ਹੋਣਾ ਭਾਜਪਾ ਦੇ ਨਵੇਂ ਜਨਮ ਦਾ ਸਬੱਬ ਬਣਿਆ ਸੀ। ਉਸ ਵੇਲੇ ਵੀ ਅਤੇ ਉਸ ਰਾਜਸੀ ਤਜਰਬੇ ਤੋਂ ਪਹਿਲਾਂ ਭਾਰਤੀ ਜਨ ਸੰਘ ਦੇ ਰੂਪ ਵਿੱਚ ਵੀ ਜਿਹੜੇ ਲੀਡਰਾਂ ਨੇ ਸਾਰੇ ਦੇਸ਼ ਦੇ ਲੋਕਾਂ ਨੂੰ ਨਾਲ ਲੈ ਕੇ ਚੱਲਣ ਦੇ ਦਾਅਵੇ ਕੀਤੇ ਅਤੇ ਮੁਸਲਮਾਨਾਂ ਸਮੇਤ ਸਾਰੀਆਂ ਘੱਟ-ਗਿਣਤੀਆਂ ਦੇ ਆਗੂਆਂ ਨੂੰ ਆਪਣੇ ਅਹੁਦੇਦਾਰ ਬਣਾ ਕੇ ਏਦਾਂ ਦਾ ਪ੍ਰਭਾਵ ਸਿਰਜਿਆ ਸੀ, ਉਹ ਬਾਅਦ ਵਿੱਚ ਬਾਬਰੀ ਮਸਜਿਦ ਢਾਹੁਣ ਅਤੇ ਰਾਮ ਜਨਮ-ਭੂਮੀ ਮੰਦਰ ਬਣਾਉਣ ਵਾਲੀ ਲਹਿਰ ਦੇ ਕਾਰਨ ਸਿਰਫ ਇੱਕ ਧਾਰਮਿਕ ਧਿਰ ਦੀ ਪ੍ਰਤੀਨਿਧਤਾ ਕਰਨ ਜੋਗੇ ਰਹਿ ਗਏ ਸਨ। ਇਸ ਤਰ੍ਹਾਂ ਉਹ ਸੱਤਾ ਦੀ ਵਾਗ ਤਾਂ ਤੀਸਰੀ ਵਾਰ ਵੀ ਸੰਭਾਲ ਚੁੱਕੇ ਹਨ, ਰਾਜਸੀ ਪੱਖ ਤੋਂ ਪਹਿਲਾਂ ਵਰਗੇ ਮਜ਼ਬੂਤ ਉਹ ਨਹੀਂ ਰਹਿ ਗਏ।

ਤੀਸਰੀ ਵਾਰੀ ਸਰਕਾਰ ਬਣਾਉਣ ਵੇਲੇ ਦੇਸ਼ ਦੀ ਸਭ ਤੋਂ ਵੱਡੀ ਘੱਟ-ਗਿਣਤੀ ਦਾ ਕੋਈ ਮੰਤਰੀ ਨਹੀਂ ਲਿਆ ਤਾਂ ਨਾ ਸਹੀ, ਪਰ ਜਿਹੜੇ ਰਾਜਸੀ ਲੀਡਰ ਆਪਣੇ ਨਾਲ ਜੋੜ ਕੇ ਸਰਕਾਰ ਬਣਾਈ ਹੈ, ਉਹ ਰਾਜਸੀ ਸਾਂਝ ਹੁੰਦਿਆਂ ਹੋਇਆਂ ਵੀ ਭਾਜਪਾ ਤੇ ਨਰਿੰਦਰ ਮੋਦੀ ਦੀ ਸੋਚ ਅਨੁਸਾਰ ਚੱਲਣ ਨੂੰ ਤਿਆਰ ਨਹੀਂ। ਚੰਦਰਬਾਬੂ ਨਾਇਡੂ ਇਸ ਦੀ ਮੁੱਖ ਮਿਸਾਲ ਹੈ। ਚੱਲਦੀ ਚੋਣ ਦੌਰਾਨ ਜਦੋਂ ਭਾਜਪਾ ਆਗੂ ਇਹ ਕਹਿੰਦੇ ਸਨ ਕਿ ਉਹ ਫਲਾਣੀ ਘੱਟ-ਗਿਣਤੀ ਨੂੰ ਮਿਲ ਰਹੀ ਹਰ ਛੋਟ ਰੋਕ ਦੇਣਗੇ, ਓਦੋਂ ਵੀ ਚੰਦਰਬਾਬੂ ਨਾਇਡੂ ਇਹ ਐਲਾਨ ਕਰਦਾ ਰਿਹਾ ਸੀ ਕਿ ਆਂਧਰਾ ਪ੍ਰਦੇਸ਼ ਵਿੱਚ ਜੇ ਉਸ ਦੀ ਪਾਰਟੀ ਦੀ ਸਰਕਾਰ ਬਣ ਗਈ ਤਾਂ ਮੁਸਲਮਾਨਾਂ ਨੂੰ ਰਿਜ਼ਰਵੇਸ਼ਨ ਦੇਵੇਗਾ। ਸਾਰੇ ਦੇਸ਼ ਵਿੱਚ ਇਸ ਤੋਂ ਉਲਟ ਤਕਰੀਰਾਂ ਕਰ ਰਹੇ ਭਾਜਪਾ ਆਗੂ ਆਂਧਰਾ ਪ੍ਰਦੇਸ਼ ਵਿੱਚ ਆਪਣੀ ਸੋਚ ਦਾ ਇੱਕ ਵੀ ਸ਼ਬਦ ਨਹੀਂ ਸਨ ਕਹਿੰਦੇ ਤੇ ਚੰਦਰਬਾਬੂ ਨਾਇਡੂ ਦੀਆਂ ਇਨ੍ਹਾਂ ਤਕਰੀਰਾਂ ਤੇ ਉਸ ਖਾਸ ਭਾਈਚਾਰੇ ਨੂੰ ਪਤਿਆਉਣ ਦੇ ਵਾਅਦਿਆਂ ਅੱਗੇ ਅੜਿੱਕਾ ਨਹੀਂ ਸਨ ਬਣਦੇ। ਕਾਰਨ ਸਾਫ ਸੀ ਕਿ ਨਾਇਡੂ ਨੇ ਜੋ ਕਰਨਾ ਹੈ, ਆਂਧਰਾ ਪ੍ਰਦੇਸ਼ ਵਿੱਚ ਕਰਦਾ ਰਹੇ, ਸਰਕਾਰ ਬਣੀ ਤਾਂ ਚਵਾਨੀ-ਪੱਤੀ ਭਾਜਪਾ ਦੇ ਲਈ ਨਿਕਲ ਆਵੇਗੀ ਅਤੇ ਇਨ੍ਹਾਂ ਵਾਅਦਿਆਂ ਨਾਲ ਰਾਜਸੀ ਲਾਭ ਹੋਇਆ ਤਾਂ ਕੇਂਦਰ ਦੀ ਜਿਹੜੀ ਸਰਕਾਰ ਬਣੇਗੀ, ਉਸ ਦੀ ਅਗਵਾਈ ਭਾਜਪਾ ਕੋਲ ਹੋਵੇਗੀ। ਚੰਦਰਬਾਬੂ ਨਾਇਡੂ ਨੇ ਜਿੱਤਦੇ ਸਾਰ ਮੁਸਲਮਾਨਾਂ ਦੀਆਂ ਸਹੂਲਤਾਂ ਵਧਾਉਣ ਦੇ ਐਲਾਨ ਕਰਨ ਵੱਲ ਮੂੰਹ ਕਰ ਲਿਆ ਹੈ, ਪਰ ਭਾਜਪਾ ਆਗੂ ਕੁਰਸੀਆਂ ਦੀ ਸਾਂਝ ਕਾਰਨ ਇੱਕ ਅੱਖਰ ਵੀ ਨਹੀਂ ਬੋਲੇ।

ਦੂਸਰਾ ਪਾਸਾ ਇਹ ਹੈ ਕਿ ਜਿਸ ਰਾਸ਼ਟਰੀ ਸੋਇਮਸੇਵਕ ਸੰਘ (ਆਰ ਐੱਸ ਐੱਸ) ਦੀ ਲੀਡਰਸ਼ਿਪ ਨੇ ਜਨ ਸੰਘ ਅਤੇ ਉਸ ਤੋਂ ਪਹਿਲਾਂ ਹਿੰਦੂ ਮਹਾਂ ਸਭਾ ਵਾਲੇ ਦਿਨਾਂ ਤੋਂ ਇਸ ਰਾਜਨੀਤੀ ਦੀ ਅਗਵਾਈ ਆਪਣੇ ਹੱਥ ਰੱਖੀ ਸੀ, ਉਸ ਦੀ ਲੀਡਰਸ਼ਿਪ ਇਸ ਜਿੱਤ ਦੇ ਬਾਅਦ ਭਾਜਪਾ ਦੇ ਪੱਖ ਵਿੱਚ ਨਹੀਂ ਬੋਲ ਰਹੀ। ਪਹਿਲਾਂ ਸੰਗਠਨ ਦੇ ਮੁਖੀ ਮੋਹਣ ਭਾਗਵਤ ਨੇ ਇਸ਼ਾਰਿਆਂ ਵਿੱਚ ਕਿਹਾ ਸੀ ਕਿ ਹੰਕਾਰ ਨੇ ਨੁਕਸਾਨ ਕੀਤਾ ਹੈ, ਫਿਰ ਇਸ ਸੰਗਠਨ ਦੇ ਵੱਡੇ-ਛੋਟੇ ਕੁਝ ਹੋਰ ਆਗੂ ਇਹੋ ਕਹਿਣ ਲੱਗ ਪਏ ਤਾਂ ਭਾਜਪਾ ਲੀਡਰਸ਼ਿਪ ਕੋਲ ਕੋਈ ਜਵਾਬ ਨਹੀਂ ਰਿਹਾ। ਪਾਰਟੀ ਦੀ ਮਾਂ ਮੰਨੇ ਜਾਂਦੇ ਸੰਗਠਨ ਦੇ ਆਗੂ ਆਪਣੇ ਵਰਕਰਾਂ ਨੂੰ ਇਹ ਮਨਾਉਣ ਵਿੱਚ ਮੁਸ਼ਕਲ ਮਹਿਸੂਸ ਕਰਦੇ ਹਨ ਕਿ ਸੱਤਾ ਖਾਤਰ ਭਾਜਪਾ ਆਪਣੇ ਸਿਧਾਂਤ ਅਤੇ ਸੋਚਣੀ ਤੋਂ ਪਾਸਾ ਵੱਟਣ ਵਿੱਚ ਇਸ ਹੱਦ ਤੱਕ ਵੀ ਚਲੀ ਗਈ ਹੈ ਤਾਂ ਹਰਜ ਨਹੀਂ। ਪਾਰਟੀ ਤੇ ਸੰਗਠਨ ਨਾਲ ਬਚਪਨ ਤੋਂ ਵਫਾ ਦੀ ਡੋਰ ਨਾਲ ਬੱਝੇ ਹੋਏ ਵਰਕਰ ਇਨ੍ਹਾਂ ਦਾ ਸਾਥ ਤਾਂ ਨਹੀਂ ਛੱਡਣ ਲੱਗੇ, ਪਰ ਸਮੱਰਪਣ ਦੀ ਜਿਹੜੀ ਭਾਵਨਾ ਨਾਲ ਕੰਮ ਕਰਦੇ ਰਹੇ ਸਨ, ਉਸ ਵਿੱਚ ਉਹ ਖਿੱਚ ਨਹੀਂ ਰਹਿ ਸਕਦੀ। ਸਿਰਫ ਸਰਕਾਰ ਬਣਾਉਣ ਖਾਤਰ ਜਿੱਡਾ ਰਿਸਕ ਇਸ ਪਾਰਟੀ ਨੇ ਲਿਆ ਹੈ, ਉਸ ਨੇ ਹਾਲਾਤ ਦਾ ਵਹਿਣ ਬਦਲਣ ਦਾ ਇੱਕ ਮੌਕਾ ਵੀ ਦੇਸ਼ ਅੱਗੇ ਪੇਸ਼ ਕਰ ਦਿੱਤਾ ਹੈ। ਤੀਸਰਾ ਪੱਖ ਇਸ ਸਰਕਾਰ ਦੇ ਮੁਖੀ ਵੱਲੋਂ ਸੰਸਾਰ ਭਰ ਵਿੱਚ ਇਸ ਦੇਸ਼ ਨੂੰ 'ਵਿਸ਼ਵ ਗੁਰੂ' ਬਣਾ ਕੇ ਪੇਸ਼ ਕਰਨ ਜਾਂ ਉਸ ਦੀ ਟੀਮ ਵੱਲੋਂ ਸਰਕਾਰ ਦੇ ਮੁਖੀ ਨੂੰ ਸੰਸਾਰ ਦੇ ਸਭ ਤੋਂ ਪ੍ਰਵਾਨਤ ਲੀਡਰ ਵਜੋਂ ਪੇਸ਼ ਕਰਨ ਦਾ ਹੈ। ਰਾਜਨੀਤਕ ਪੱਖ ਤੋਂ ਜਿੱਦਾਂ ਦੀ ਸਖਤ-ਮਿਜਾਜ ਦਿੱਖ ਇਸ ਲੀਡਰ ਦੀ ਭਾਰਤ ਵਿੱਚ ਹੈ ਅਤੇ ਇੱਕ ਖਾਸ ਘੱਟ-ਗਿਣਤੀ ਵੱਲ ਜਿਹੜੀ ਪਹੁੰਚ ਦੇਸ਼ ਦੀ ਰਾਜਨੀਤੀ ਵਿੱਚ ਵਿਖਾਈ ਜਾਂਦੀ ਹੈ, ਉਹ ਭਾਰਤ ਤੋਂ ਬਾਹਰ ਨਹੀਂ ਰਹਿੰਦੀ। ਭਾਰਤ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਿਸੇ ਮਸਜਿਦ ਵਿੱਚ ਚਲੇ ਜਾਣਗੇ, ਇਹ ਗੱਲ ਸੋਚਣੀ ਵੀ ਸਭ ਨੂੰ ਹਕੀਕਤਾਂ ਤੋਂ ਕੋਹਾਂ ਦੂਰ ਦਾ 'ਜੁਮਲਾ' ਲੱਗੇਗਾ, ਪਰ ਖਾੜੀ ਦੇਸ਼ਾਂ ਵਿੱਚ ਉਹ ਏਦਾਂ ਦੀ ਜ਼ਿਦ ਛੱਡ ਕੇ ਮਸਜਿਦ ਜਾ ਸਕਦੇ ਹਨ। ਫਿਰ ਚੰਦਰਬਾਬੂ ਜਾਂ ਕਿਸੇ ਹੋਰ ਇਹੋ ਜਿਹੇ ਆਗੂ ਦਾ ਵੋਟਾਂ ਖਾਤਰ ਕਿਸੇ ਘੱਟ-ਗਿਣਤੀ ਨੂੰ ਪਤਿਆਉਣਾ ਵੀ ਉਨ੍ਹਾਂ ਨੂੰ ਕਿਸੇ ਵਕਤੀ ਪੜਾਅ ਉੱਤੇ ਸਹਿਣ ਕਰਨਾ ਪੈ ਸਕਦਾ ਹੈ, ਪਰ ਇਹ ਪੈਂਤੜਾ ਸਦੀਵੀ ਨਹੀਂ ਹੁੰਦਾ, ਵਕਤ ਬਦਲੇ ਤੋਂ ਪੈਂਤੜਾ ਵੀ ਬਦਲ ਜਾਵੇਗਾ।

ਜਦੋਂ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਜਪਾ ਤੀਸਰੀ ਵਾਰ ਦੇਸ਼ ਦੀ ਅਗਵਾਈ ਸਾਂਭ ਚੁੱਕੀ ਹੈ ਤਾਂ ਇਸ ਮੌਕੇ ਰਾਜਨੀਤੀ ਵਿੱਚ ਵਿਰੋਧੀ ਧਿਰਾਂ ਨੂੰ ਇਹ ਸੋਚ ਕੇ ਚੱਲਣਾ ਚਾਹੀਦਾ ਹੈ ਕਿ ਇਹ ਸਰਕਾਰ ਅਗਲੇ ਪੰਜ ਸਾਲ ਚੱਲਣੀ ਹੈ, ਛੇਤੀ ਡਿੱਗ ਜਾਣ ਦੀਆਂ ਗੱਲਾਂ ਵਿੱਚ ਬਹੁਤਾ ਵਜ਼ਨ ਨਹੀਂ ਜਾਪਦਾ। ਰਾਜਸੀ ਪੱਖ ਤੋਂ ਵਿਰੋਧ ਕਰਨਾ ਦੇਸ਼ ਦੀ ਹਰ ਪਾਰਟੀ ਅਤੇ ਵਿਰੋਧੀ ਧਿਰ ਦੇ ਹਰ ਆਗੂ ਦਾ ਹੱਕ ਹੈ ਅਤੇ ਉਨ੍ਹਾਂ ਨੂੰ ਨਾ ਇਹ ਹੱਕ ਛੱਡਣਾ ਚਾਹੀਦਾ ਹੈ ਤੇ ਨਾ ਲੋਕਾਂ ਦੇ ਹਿੱਤ ਦੇ ਮਾਮਲੇ ਅਣਗੌਲੇ ਕਰਨੇ ਚਾਹੀਦੇ ਹਨ, ਪਰ ਨਾਲ ਇਹ ਗੱਲ ਸਮਝ ਲੈਣੀ ਚਾਹੀਦੀ ਹੈ ਕਿ ਹਰ ਗੱਲ ਦਾ ਵਿਰੋਧ ਕਰਨ ਦੀ ਨੀਤੀ ਵੀ ਆਮ ਲੋਕ ਕਈ ਵਾਰ ਇੱਕ ਹੱਦ ਤੋਂ ਵੱਧ ਪਸੰਦ ਨਹੀਂ ਕਰਦੇ। ਦਿੱਲੀ ਵਿੱਚ ਇਸ ਨੀਤੀ ਨੇ ਜਿੱਦਾਂ ਦੀ ਹਾਲਤ ਬਣਾ ਦਿੱਤੀ ਹੈ, ਪੱਛਮੀ ਬੰਗਾਲ ਵਿੱਚ ਜਿੱਦਾਂ ਦੇ ਹਾਲਾਤ ਬਣੇ ਤੇ ਹੋਰ ਵੱਧ ਖਿਚਾਅ ਵਾਲੇ ਬਣਦੇ ਜਾਪਦੇ ਹਨ, ਕੇਰਲਾ ਤੇ ਤਾਮਿਲ ਨਾਡੂ ਵਰਗੇ ਰਾਜਾਂ ਵਿੱਚ ਵੀ ਜਿੱਦਾਂ ਰਾਜ ਕਰਦੀ ਅਤੇ ਵਿਰੋਧੀ ਧਿਰ ਨੂੰ ਆਪਸ ਵਿੱਚ ਮਿਲੀਆਂ ਹੋਈਆਂ ਕਹਿ ਕੇ ਤੀਸਰੀ ਧਿਰ ਖੜੀ ਕਰਨ ਦੀ ਲਹਿਰ ਚੱਲਦੀ ਹੈ, ਉਸ ਨੂੰ ਸਮਝਣਾ ਚਾਹੀਦਾ ਹੈ। ਇੱਕ ਵਕਤ ਜਦੋਂ ਪੱਛਮੀ ਬੰਗਾਲ ਵਿੱਚ ਖੱਬੇ ਪੱਖੀ ਧਿਰਾਂ ਦੀ ਸਰਕਾਰ ਵਿਰੁੱਧ ਮਮਤਾ ਬੈਨਰਜੀ ਦੀ ਅਗਵਾਈ ਵਾਲੀ ਲਹਿਰ ਵਧੀ ਜਾਂਦੀ ਸੀ, ਓਦੋਂ ਇਨ੍ਹਾਂ ਸਤਰਾਂ ਦੇ ਲੇਖਕ ਨੇ ਲਿਖਿਆ ਸੀ ਕਿ ਮਮਤਾ ਅਤੇ ਖੱਬੇ ਪੱਖੀਆਂ ਦਾ ਟਕਰਾਅ ਟਾਲਿਆ ਨਹੀਂ ਜਾ ਸਕਦਾ ਤਾਂ ਘਟਾਇਆ ਜਾਣਾ ਚਾਹੀਦਾ ਹੈ, ਨਹੀਂ ਤਾਂ ਅੰਤਲੇ ਨਿਰਣੇ ਵਿੱਚ ਘਾਟੇਵੰਦਾ ਰਹੇਗਾ। ਕਈ ਲੋਕਾਂ ਨੂੰ ਇਹੋ ਜਿਹੀ ਧਾਰਨਾ ਓਦੋਂ ਬੁਰੀ ਲੱਗਦੀ ਸੀ, ਪਰ ਅੱਜ ਉਹੋ ਖੱਬੇ ਪੱਖੀ ਓਥੇ ਸਭ ਕੁਝ ਗਵਾ ਲੈਣ ਦੇ ਬਾਅਦ ਕੇਂਦਰ ਦੀ ਰਾਜਨੀਤੀ ਦੀ ਤੀਸਰੀ ਧਿਰ 'ਇੰਡੀਆ' ਗੱਠਜੋੜ ਖੜਾ ਕਰਨ ਵਾਸਤੇ ਓਸੇ ਮਮਤਾ ਬੈਨਰਜੀ ਨਾਲ ਬੈਠਕਾਂ ਕਰਨ ਨੂੰ ਤਿਆਰ ਹੋ ਜਾਂਦੇ ਹਨ।

ਸਾਡੇ ਪੰਜਾਬ ਦੀਆਂ ਵਿਧਾਨ ਸਭਾ ਵਾਲੀਆਂ ਚੋਣਾਂ ਤੋਂ ਪਹਿਲਾਂ ਇੱਕ ਵਾਰ ਅਰਵਿੰਦ ਕੇਜਰੀਵਾਲ ਨੂੰ ਮਿਲਣ ਲਈ ਮੌਕਾ ਮਿਲਿਆ ਤਾਂ ਅਸੀਂ ਹਾਸੇ ਵਿੱਚ ਕਿਹਾ ਸੀ ਕਿ ਸਵੇਰੇ ਉੱਠਦੇ ਸਾਰ ਚਾਹ ਦਾ ਕੱਪ ਪੀਣ ਤੋਂ ਪਹਿਲਾਂ ਨਰਿੰਦਰ ਮੋਦੀ ਵਿਰੁੱਧ ਨਵਾਂ ਬਿਆਨ ਦਾਗਣ ਦੀ ਨੀਤੀ ਕਿਸੇ ਪੜਾਅ ਉੱਤੇ ਛੱਡ ਦੇਣ ਬਾਰੇ ਸੋਚ ਲੈਣਾ ਚਾਹੀਦਾ ਹੈ। ਉਨ੍ਹਾ ਇਸ ਵਿਚਾਰ ਨੂੰ ਗੌਲਿਆ ਵੀ ਨਹੀਂ ਤੇ ਗੱਲਾਂ ਵਿੱਚ ਗੱਲ ਟਾਲ ਦਿੱਤੀ ਸੀ। ਨਤੀਜਾ ਸਭ ਦੇ ਸਾਹਮਣੇ ਹੈ। ਬਾਅਦ ਵਿੱਚ ਕੇਂਦਰ ਦੀ ਮੋਦੀ ਸਰਕਾਰ ਨੇ ਦਿੱਲੀ ਵਾਲੀ ਸਰਕਾਰ ਦੇ ਅਧਿਕਾਰ ਹੋਰ ਘਟਾਉਣ ਦਾ ਬਿੱਲ ਪਾਰਲੀਮੈਂਟ ਤੋਂ ਪਾਸ ਕਰਵਾ ਦਿੱਤਾ ਸੀ, ਜਿਸ ਕਾਰਨ 'ਦਿੱਲੀ ਸਰਕਾਰ' ਦਾ ਮਤਲਬ ਮੁੱਖ ਮੰਤਰੀ ਦੀ ਬਜਾਏ ਲੈਫਟੀਨੈਂਟ ਗਵਰਨਰ ਹੋ ਗਿਆ ਅਤੇ ਜਿਸ ਸਰਕਾਰ ਨੂੰ ਲੋਕਾਂ ਨੇ ਲਗਾਤਾਰ ਤੀਸਰੀ ਵਾਰੀ ਵੋਟਾਂ ਪਾ ਕੇ ਚੁਣਿਆ ਸੀ, ਉਹ ਏਨੀ ਨਾਕਾਰਾ ਹੋ ਗਈ ਹੈ ਕਿ ਉਸ ਦੀ ਇੱਕ ਕਲਰਕ ਵੀ ਏਧਰੋਂ-ਓਧਰ ਆਪਣੀ ਮਰਜ਼ੀ ਮੁਤਾਬਕ ਕਰ ਦੇਣ ਦੀ ਤਾਕਤ ਨਹੀਂ ਰਹਿਣ ਦਿੱਤੀ ਗਈ, ਸਮੁੱਚੇ ਅਧਿਕਾਰ ਕੇਂਦਰ ਸਰਕਾਰ ਦੇ ਨਾਮਜ਼ਦ ਕੀਤੇ ਲੈਫਟੀਨੈਂਟ ਗਵਰਨਰ ਕੋਲ ਚਲੇ ਗਏ ਸਨ। ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਜੇਲ੍ਹ ਵਿੱਚ ਬੈਠਣ ਲਈ ਮਜਬੂਰ ਹੈ ਤੇ ਸਰਕਾਰ ਅਫਸਰਾਂ ਦੀ ਅਗਵਾਈ ਹੇਠ ਆਪਣੇ ਆਪ ਚੱਲੀ ਜਾ ਰਹੀ ਹੈ। ਦਿੱਲੀ ਸਰਕਾਰ ਤੇ ਮੁੱਖ ਮੰਤਰੀ ਕੇਜਰੀਵਾਲ ਦੀ ਜਿਹੜੀ ਗੱਲ ਅਸੀਂ ਕਹਿੰਦੇ ਹਾਂ, ਉਹ ਇਹ ਦੱਸਣ ਲਈ ਨਹੀਂ ਕਹਿ ਰਹੇ ਕਿ ਰਾਜਸੀ ਜਾਂ ਜਨਤਕ ਹਿੱਤ ਦੇ ਮੁੱਦਿਆਂ ਉੱਤੇ ਕੇਂਦਰ ਸਰਕਾਰ ਚਲਾਉਣ ਵਾਲਿਆਂ ਵੱਲ ਨਰਮੀ ਵਰਤਣੀ ਹੈ। ਲੋਕਤੰਤਰ ਵਿੱਚ ਵਿਰੋਧੀ ਧਿਰਾਂ ਨੂੰ ਇਹ ਸਭ ਕਰਨਾ ਪੈਣਾ ਹੈ, ਵਰਨਾ ਅਗਲੀ ਵਾਰੀ ਲੋਕ ਕੋਲ ਜਦੋਂ ਜਾਣਾ ਹੈ ਤਾਂ ਓਥੇ ਦੱਸਣਾ ਔਖਾ ਹੋਵੇਗਾ ਕਿ ਜਦੋਂ ਭਾਜਪਾ ਸਰਕਾਰ ਚਲਾ ਰਹੀ ਸੀ, ਅਸੀਂ ਸੁੱਤੇ ਹੋਏ ਨਹੀਂ, ਦੇਸ਼ ਦੀ ਜਨਤਾ ਦੇ ਹੱਕਾਂ ਦੀ ਪਹਿਰੇਦਾਰੀ ਦਾ ਫਰਜ਼ ਨਿਭਾਉਂਦੇ ਰਹੇ ਸਾਂ। ਸੋਚਣ ਦੀ ਗੱਲ ਇਸ ਤੋਂ ਪਾਸੇ ਹਟ ਕੇ ਸਿਰਫ ਏਨੀ ਕੁ ਹੈ ਕਿ ਹਰ ਗੱਲ ਵਿੱਚ ਸੱਤਾ ਤੇ ਵਿਰੋਧੀ ਧਿਰ ਦਾ ਟਕਰਾਅ ਖਾਤਰ ਲਗਾਤਾਰ ਟਕਰਾਅ ਰੱਖਣ ਦੀ ਨੀਤੀ ਫਾਇਦੇ ਵਾਲੀ ਨਹੀਂ ਹੋ ਸਕਦੀ, ਕੁਝ ਗੱਲਾਂ ਵਿੱਚ ਇਸ ਨੀਤੀ ਨੂੰ ਸੀਮਤ ਵਿਰੋਧ ਨਾਲ ਆਪਣਾ ਪੱਖ ਰਿਕਾਰਡ ਉੱਤੇ ਲਿਆਉਣਾ ਅਤੇ ਭਾਰਤ ਦੇ ਲੋਕਾਂ ਨੂੰ ਇਹ ਦੱਸਣਾ ਕਾਫੀ ਹੋ ਸਕਦਾ ਹੈ ਕਿ ਸਰਕਾਰ ਠੀਕ ਨਹੀਂ ਕਰਦੀ। ਰਿਕਾਰਡ ਉੱਤੇ ਰੱਖੀ ਗਈ ਇਹੋ ਜਿਹੀ ਗੱਲ ਕੱਲ੍ਹ ਨੂੰ ਲੋਕਾਂ ਨੂੰ ਇਹ ਦੱਸਣ ਦੇ ਕੰਮ ਆ ਸਕਦੀ ਹੈ ਕਿ ਸਰਕਾਰ ਗਲਤ ਕਰਦੀ ਰਹੀ ਅਤੇ ਅਸੀਂ ਚੁੱਪ ਨਹੀਂ ਸੀ ਬੈਠੇ ਰਹੇ ਅਤੇ ਇਹ ਦੱਸਣ ਵਾਸਤੇ ਵੀ ਕਿ ਦੇਸ਼ ਹਿੱਤ ਵਿੱਚ ਅਸੀਂ ਕਿੰਨਾ ਕੁ ਧੱਕਾ ਬਰਦਾਸ਼ਤ ਕਰਦੇ ਰਹੇ ਸਾਂ।

ਭਾਰਤ ਦੀ ਰਾਜਨੀਤੀ ਦਾ ਉਲਝਣ ਵਾਲਾ ਵੱਡਾ ਪੱਖ ਇਹ ਹੈ ਕਿ ਏਥੇ ਚੋਣਾਂ ਵਾਲੇ ਦਿਨ ਹੋਣ ਜਾਂ ਨਾ, ਰਾਜਨੀਤੀ ਹਮੇਸ਼ਾ ਚੋਣ ਪੈਂਤੜੇ ਨਾਲ ਬੱਝੀ ਰਹਿੰਦੀ ਹੈ। ਇਸ ਤੋਂ ਉੱਪਰ ਉੱਠਣ ਦੀ ਲੋੜ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਉਸ ਨਾਲ ਜੁੜੇ ਲੋਕਾਂ ਵਿਰੁੱਧ ਨਿੱਜੀ ਪੱਧਰ ਦੀਆਂ ਗੱਲਾਂ ਕਹਿਣ ਤੋਂ ਵਿਰੋਧੀ ਧਿਰ ਨੂੰ ਗੁਰੇਜ਼ ਕਰਨ ਦਾ ਵੱਲ ਸਿੱਖਣ ਦੀ ਲੋੜ ਹੈ। ਬਿਨਾਂ ਸ਼ੱਕ ਇਹੋ ਜਿਹਾ ਵਿਰੋਧ ਭਾਜਪਾ ਆਗੂਆਂ ਨੂੰ ਵੀ ਹਰ ਵਕਤ ਨਹੀਂ ਕਰਨਾ ਚਾਹੀਦਾ। ਏਦਾਂ ਕਰਨੋਂ ਉਹ ਨਹੀਂ ਵੀ ਹਟਦੇ ਤਾਂ ਉਨ੍ਹਾਂ ਦੇ ਵਿਰੋਧ ਦੇ ਸਾਊ ਪੈਂਤੜੇ ਨਾਲ ਆਮ ਲੋਕ ਤੱਕ ਗੱਲ ਪੁਚਾਈ ਜਾ ਸਕਦੀ ਹੈ।

ਭਾਰਤ ਦੇਸ਼ ਦੇ ਇਤਹਾਸ ਵਿੱਚ ਏਦਾਂ ਦੇ ਬੜੇ ਮੌਕੇ ਆਉਂਦੇ ਰਹੇ ਹਨ, ਜਦੋਂ ਦੇਸ਼ ਹਿੱਤ ਵਿੱਚ ਵਿਰੋਧੀ ਧਿਰ ਵੀ ਸਰਕਾਰ ਚਲਾ ਰਹੀ ਧਿਰ ਨਾਲ ਖੜੀ ਹੁੰਦੀ ਰਹੀ ਸੀ ਅਤੇ ਇਸ ਦਾ ਓਨਾ ਲਾਭ ਸਰਕਾਰ ਚਲਾਉਣ ਵਾਲੀ ਧਿਰ ਨੂੰ ਨਹੀਂ, ਜਿੰਨਾ ਵਿਰੋਧੀ ਧਿਰ ਦੇ ਪੱਖ ਵਿੱਚ ਜਾਂਦਾ ਰਿਹਾ ਸੀ। ਬੰਗਲਾ ਦੇਸ਼ ਦੀ ਜੰਗ ਵੇਲੇ ਅੱਧੀ ਰਾਤ ਸੱਦੇ ਜਾਣ ਉੱਤੇ ਕਾਰ ਦੀ ਥਾਂ ਫੌਜੀ ਟਰੱਕ ਵਿੱਚ ਸਫਰ ਕਰਦਾ ਹੋਇਆ ਅਟਲ ਬਿਹਾਰੀ ਵਾਜਪਾਈ ਤੜਕੇ ਤੱਕ ਇੰਦਰਾ ਗਾਂਧੀ ਕੋਲ ਜਾ ਪੁੱਜਾ ਸੀ ਅਤੇ ਨਰਸਿਮਹਾ ਰਾਓ ਸਰਕਾਰ ਵੇਲੇ ਪਾਰਲੀਮੈਂਟ ਵਿੱਚ ਪੂਰੇ ਵਿਰੋਧ ਦੇ ਬਾਵਜੂਦ ਮਨੁੱਖੀ ਅਧਿਕਾਰਾਂ ਦੇ ਮੁੱਦੇ ਉੱਤੇ ਯੂ ਐੱਨ ਓ ਵਿੱਚ ਦੇਸ਼ ਦਾ ਪੱਖ ਪੇਸ਼ ਕਰਨ ਲਈ ਉਹੋ ਵਾਜਪਾਈ ਗਿਆ ਸੀ। ਓਦੋਂ ਪਾਕਿਸਤਾਨ ਦੀ ਪ੍ਰਧਾਨ ਮੰਤਰੀ ਬੇਨਜ਼ੀਰ ਭੁੱਟੋ ਨੇ ਪਾਰਲੀਮੈਂਟ ਵਿੱਚ ਕਿਹਾ ਸੀ ਕਿ ਭਾਰਤ ਦਾ ਆਪੋਜ਼ੀਸ਼ਨ ਲੀਡਰ ਗਿਆ ਹੈ ਤਾਂ ਏਧਰੋਂ ਵੀ ਆਪੋਜ਼ੀਸ਼ਨ ਆਗੂ ਨਵਾਜ਼ ਸ਼ਰੀਫ ਜਾਣ ਦੇ ਲਈ ਤਿਆਰ ਹੋਣ ਤਾਂ ਜ਼ਿਆਦਾ ਚੰਗਾ ਰਹੇਗਾ, ਪਰ ਨਵਾਜ਼ ਨੇ ਜਾਣ ਤੋਂ ਇਨਕਾਰ ਕਰ ਦਿੱਤਾ ਸੀ। ਭਾਰਤ ਦੀ ਉਸ ਵੇਲੇ ਦੀ ਸਰਕਾਰ ਅਤੇ ਵਿਰੋਧੀ ਧਿਰ ਦੀ ਇਸ ਪਹੁੰਚ ਦੀ ਚਰਚਾ ਸੰਸਾਰ ਭਰ ਵਿੱਚ ਕਈ ਦਿਨ ਹੁੰਦੀ ਰਹੀ ਸੀ।


ਅੱਜ ਜਦੋਂ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਤੀਸਰੀ ਸਰਕਾਰ ਬਣ ਚੁੱਕੀ ਹੈ, ਇਹ ਗੱਲ ਕਹੀ ਜਾਣ ਦਾ ਕੋਈ ਅਰਥ ਨਹੀਂ ਕਿ ਇਹ ਬਹੁਤੀ ਦੇਰ ਚੱਲਣੀ ਨਹੀਂ। ਨਾ ਚੱਲੀ ਤਾਂ ਵੇਖਿਆ ਜਾਵੇਗਾ, ਅੱਜ ਦੀ ਘੜੀ ਇਹ ਸੋਚਣਾ ਚਾਹੀਦਾ ਹੈ ਕਿ ਸਰਕਾਰ ਬਣ ਗਈ ਹੈ ਤਾਂ ਚੰਗੀ ਸਮਝੋ ਜਾਂ ਮੰਦੀ, ਇਸੇ ਦੇ ਰਾਜ ਵਿੱਚ ਰਹਿਣਾ ਅਤੇ ਲੋਕ ਹਿੱਤ ਲਈ ਜਿੰਨਾ ਕੁਝ ਕਰ ਸਕਦੇ ਹਾਂ, ਉਹ ਕਰਨ ਲਈ ਯਤਨ ਕਰਨਾ ਪੈਣਾ ਹੈ। ਜੇ ਹਰ ਗੱਲ ਵਿੱਚ ਆਢਾ ਲੱਗਾ ਰਿਹਾ ਤਾਂ ਜਿਹੜਾ ਕੁਝ ਕੀਤਾ ਜਾ ਸਕਦਾ ਹੈ, ਉਸ ਦੀ ਗੁੰਜਾਇਸ਼ ਵੀ ਘਟਦੀ ਜਾਵੇਗੀ ਤੇ ਅਗਲੀ ਵਾਰੀ ਲੋਕਾਂ ਦੀ ਕਚਹਿਰੀ ਵਿੱਚ ਸਿਰਫ ਵਿਰੋਧਾਂ ਦੀ ਪੰਡ ਪੇਸ਼ ਕਰ ਦੇਣ ਨਾਲ ਬੁੱਤਾ ਨਹੀਂ ਸਰਨਾ। ਇਤਹਾਸ ਗਵਾਹ ਹੈ ਕਿ ਜਿਹੜੇ ਦੇਸ਼ਾਂ ਵਿੱਚ ਏਦਾਂ ਦੀਆਂ ਸਰਕਾਰਾਂ ਬਣ ਜਾਂਦੀਆਂ ਰਹੀਆਂ ਸਨ, ਜਿਨ੍ਹਾਂ ਨੂੰ ਸਰਕਾਰਾਂ ਕਹਿਣਾ ਵੀ ਹਾਸੋਹੀਣਾ ਲੱਗਦਾ ਸੀ, ਉਨ੍ਹਾਂ ਦੇਸ਼ਾਂ ਅੰਦਰ ਵੀ ਜ਼ਿੰਦਗੀ ਚੱਲਦੀ ਰਹੀ ਸੀ। ਜ਼ਿੰਦਗੀ ਭਲੇ ਵਕਤ ਦੀ ਉਡੀਕ ਵਿੱਚ ਚੱਲਦੀ ਹੁੰਦੀ ਹੈ, ਕਦੀ ਰੁਕਦੀ ਨਹੀਂ ਹੁੰਦੀ। ਸਰਕਾਰ ਦਾ ਕੋਈ ਵਿਰੋਧ ਹੀ ਨਾ ਕੀਤਾ ਜਾਵੇ, ਇਹ ਗੱਲ ਕੋਈ ਨਹੀਂ ਕਹੇਗਾ, ਪਰ ਵਿਰੋਧ ਕਰਦੇ ਸਮੇਂ ਜਨਤਕ ਹਿੱਤਾਂ ਖਾਤਰ ਕੁਝ ਕਰਨ ਵਾਲਾ ਰਾਹ ਲੱਭਣ ਦੀ ਲੋੜ ਹੈ। ਜ਼ਿੰਦਗੀ ਦੀ ਧੜਕਣ ਨਾਲ ਸਰਗਰਮੀ ਦੀ ਹਰਕਤ ਮੇਲ ਕੇ ਚਲਾਉਣ ਦੇ ਨਵੇਂ ਰਾਹ ਉਲੀਕਣੇ ਪੈਣਗੇ ਅਤੇ ਰਾਹਾਂ ਦੀ ਭਾਲ ਕਰਨ ਦੌਰਾਨ ਆਪਣੀ ਸੋਚਣੀ ਦੀ ਸਹਿਮਤੀ ਵਾਲੀਆਂ ਸਿਆਸੀ ਜਾਂ ਗੈਰ-ਸਿਆਸੀ ਸਾਰੀਆਂ ਧਿਰਾਂ ਨਾਲ ਤਾਲਮੇਲ ਦੇ ਰਿਸ਼ਤੇ ਵੀ ਹੋਰ ਮਜ਼ਬੂਤ ਕਰਨ ਦੀ ਲੋੜ ਪਵੇਗੀ।



ਜਤਿੰਦਰ ਪਨੂੰ


Punjabi Cultural Society Of Tracy Presents
ਤੀਆਂ ਦਾ ਮੇਲਾ
LADIES ONLY
4 ਅਗਸਤ, 2024, ਦਿਨ ਐਤਵਾਰ
IPFES
PORTUGUESE HALL
400 W 9th St, Tracy, CA 95376
11:00AM - 7:00PM
Hosted By : ASHA SHARMA
ਇਲਾਕੇ ਦੀਆਂ ਸਮੂਹ ਪੰਜਾਬੀ ਮੁਟਿਆਰਾਂ ਵੱਲੋਂ
ਗਿੱਧਾ, ਭੰਗੜਾ, ਬੋਲੀਆਂ ਪਾ ਪੇਸ਼ ਕੀਤੀਆਂ ਜਾਣਗੀਆਂ
ਵੱਖ-ਵੱਖ ਸੱਭਿਆਚਾਰਕ ਵੰਨਗੀਆ ਤੇ ਦਿਲ ਖਿੱਚਵੇਂ ਰੰਗਾਂ -ਰੰਗ ਪ੍ਰੋਗਰਾਮ |
ਲੱਗਣਗੇ ਹਾਰ- ਸ਼ਿੰਗਾਰ ਤੇ ਵੱਖੋ -ਵੱਖਰੇ ਖਾਣ ਪੀਣ ਦੇ ਸਟਾਲ, ਬੱਚਿਆਂ ਲਈ ਖੇਡਾਂ ਦਾ ਖ਼ਾਸ ਪ੍ਰਬੰਧ !
OUR PROUD SPONSORS
TRACY LIQUOR
NEW INDIAN SUPERMARKET
doaba
MOUNTAIN MIKE'S
LATHROP LIQUOR
PAAM
SUNSET LIQUORS
SANSAR
dhaba Indian Cuisine
CASTLE WINTON PHARMACY
NorCal Liquors
NEW INDIAN
CLEANERS
CITY AUTO
Two Guy's
TANDOORI PIZZA
Dentistry
IMPERIAL SPICE
KRUSS TRUCKING
SUNRISE TRUCKING
ADVANCED Trucking
TRY-US TRANSPORTATION INC.
Sandhu Brothers
Sohi Realty LLC
LTA Bros Inc
Continental C Express Inc
Kamal Transport
ARCO ampm
SUBWAY
ਇਸ ਵਾਰ ਪਹਿਲਾਂ ਹੀ ਸਾਰੇ Vendors Book ਹਨ
ਵਧੇਰੇ ਜਾਣਕਾਰੀ ਲਈ ਕਾਲ ਕਰੋ : Tajinder Muhar :(209) 640-9521 | Rani Kahlon :(209) 683-6926


SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828


EXIT REALTY CONSULTANTS
150 W.Yosemite Ave.,Manteca ,CA ,95336
ਵਪਾਰਕ, ਰਿਹਾਇਸ਼ੀ, ਉਦਯੋਗਿਕ, ਖੇਤੀਬਾੜੀਜ਼ਮੀਨਾਂ
(ਘਰ , ਖਾਲੀ ਜ਼ਮੀਨ ,ਫਾਰਮ ,ਸਟੇਸ਼ਨ )
ਵਾਜਬ ਰੇਟਾਂ ਤੇ ਵੇਚਣ ਜਾਂ ਖਰੀਦਣ ਲਈ
ਇਮਾਨਦਾਰ ਅਤੇ ਭਰੋਸੇਮੰਦ ਸੇਵਾਵਾਂ ਲਈ ਮਿਲੋ
Raman Bassi
Realtor DRE # 02162139
ਵਧੇਰੇ ਜਾਣਕਾਰੀ ਲਈ ਕਾਲ ਕਰੋ
Cell : 510-432-8122
Office : 209-823-1234
www.RamanBassi.EXITHOME.COM
RBassi@EXITHOME.com

# ਸਰਕਾਰੀ ਦਫ਼ਤਰਾਂ ਵਿੱਚ ਜੇਕਰ ਲੋਕ ਖੱਜਲ-ਖ਼ੁਆਰ ਹੋਏ ਤਾਂ ਡਿਪਟੀ ਕਮਿਸ਼ਨਰ ਜਵਾਬਦੇਹ ਹੋਣਗੇ- ਮੁੱਖ ਮੰਤਰੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਨੇ ਭਗਵੰਤ ਸਿੰਘ ਮਾਨ ਨੇ ਅੱਜ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸਮੂਹ ਡਿਪਟੀ ਕਮਿਸ਼ਨਰ ਆਪੋ-ਆਪਣੇ ਜ਼ਿਲ੍ਹਿਆਂ ਦੇ ਸਰਕਾਰੀ ਦਫ਼ਤਰਾਂ ਵਿੱਚ ਆਮ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਅਤੇ ਪ੍ਰੇਸ਼ਾਨੀ ਲਈ ਸਿੱਧੇ ਤੌਰ 'ਤੇ ਜਵਾਬਦੇਹ ਹੋਣਗੇ।

ਇੱਥੇ ਡਿਪਟੀ ਕਮਿਸ਼ਨਰਾਂ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਆਮ ਲੋਕਾਂ ਨੂੰ ਸਾਫ਼-ਸੁਥਰਾ, ਜਵਾਬਦੇਹ ਅਤੇ ਪ੍ਰਭਾਵਸ਼ਾਲੀ ਪ੍ਰਸ਼ਾਸਨ ਮੁਹੱਈਆ ਕਰਵਾਉਣਾ ਸੂਬਾ ਸਰਕਾਰ ਦਾ ਫਰਜ਼ ਹੈ। ਉਨ੍ਹਾਂ ਕਿਹਾ ਕਿ ਇਸ ਕਾਰਜ ਨੂੰ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰ ਹੀ ਸਭ ਤੋਂ ਕਾਰਗਰ ਭੂਮਿਕਾ ਨਿਭਾਅ ਸਕਦੇ ਹਨ ਤਾਂ ਕਿ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਨਾਗਰਿਕ ਕੇਂਦਰਿਤ ਸੇਵਾਵਾਂ ਦੀ ਨਿਰਵਿਘਨ ਤੌਰ ਉਤੇ ਮੁਹੱਈਆ ਕਰਵਾਈਆਂ ਜਾ ਸਕਣ।

ਮੁੱਖ ਮੰਤਰੀ ਨੇ ਕਿਹਾ ਕਿ ਡਿਪਟੀ ਕਮਿਸ਼ਨਰਾਂ ਦਾ ਇਹ ਫ਼ਰਜ਼ ਬਣਦਾ ਹੈ ਕਿ ਉਹ ਇਹ ਯਕੀਨੀ ਬਣਾਉਣ ਕਿ ਉਨ੍ਹਾਂ ਦੇ ਸਬੰਧਤ ਜ਼ਿਲ੍ਹਿਆਂ ਦੇ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦਾ ਦੌਰਾ ਕਰਨ ਸਮੇਂ ਕਿਸੇ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।

ਮੁੱਖ ਮੰਤਰੀ ਨੇ ਸਪੱਸ਼ਟ ਤੌਰ ਉਤੇ ਕਿਹਾ ਕਿ ਇਸ ਕੰਮ ਵਿੱਚ ਢਿੱਲ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਅਜਿਹੀ ਕਿਸੇ ਵੀ ਅਣਗਹਿਲੀ ਲਈ ਸਬੰਧਤ ਡਿਪਟੀ ਕਮਿਸ਼ਨਰ ਨੂੰ ਜਵਾਬਦੇਹ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਰ ਜ਼ਿਲ੍ਹੇ ਵਿੱਚ 'ਮੁੱਖ ਮੰਤਰੀ ਸਹਾਇਤਾ ਕੇਂਦਰ' ਸਥਾਪਤ ਕਰਨ ਦਾ ਨਿਵੇਕਲਾ ਉਪਰਾਲਾ ਲੈ ਕੇ ਆ ਰਹੀ ਹੈ ਤਾਂ ਜੋ ਲੋਕ ਇਸ ਸਹਾਇਤਾ ਕੇਂਦਰ ਰਾਹੀਂ ਸਰਕਾਰੀ ਸੇਵਾਵਾਂ ਦਾ ਲਾਭ ਲੈ ਸਕਣ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ 'ਮੁੱਖ ਮੰਤਰੀ ਸਹਾਇਤਾ ਕੇਂਦਰ' 'ਤੇ ਇਕ ਸਮਰਪਿਤ ਅਧਿਕਾਰੀ ਹਾਜ਼ਰ ਰਹੇਗਾ ਜੋ ਆਮ ਲੋਕਾਂ ਦੇ ਰੋਜ਼ਮੱਰਾ ਦੇ ਪ੍ਰਸ਼ਾਸਕੀ ਕੰਮਕਾਜ ਨਾਲ ਸਬੰਧਤ ਦਰਖਾਸਤਾਂ ਪ੍ਰਾਪਤ ਕਰੇਗਾ। ਮੁੱਖ ਮੰਤਰੀ ਨੇ ਕਿਹਾ ਕਿ ਜ਼ਿਲ੍ਹੇ ਦੇ ਪ੍ਰਸ਼ਾਸਕੀ ਕੰਮਾਂ ਸਬੰਧੀ ਦਰਖਾਸਤਾਂ ਸਬੰਧਤ ਵਿਭਾਗ ਨੂੰ ਭੇਜੀਆਂ ਜਾਣਗੀਆਂ ਤਾਂ ਜੋ ਕੰਮ ਨੂੰ ਤੁਰੰਤ ਨੇਪਰੇ ਚਾੜ੍ਹਿਆ ਜਾ ਸਕੇ।

ਇਸੇ ਤਰ੍ਹਾਂ ਸੂਬਾ ਸਰਕਾਰ ਨਾਲ ਸਬੰਧਤ ਕੰਮਾਂ ਨੂੰ ਮੁੱਖ ਮੰਤਰੀ ਦਫ਼ਤਰ ਭੇਜਿਆ ਜਾਵੇਗਾ ਜਿਨ੍ਹਾਂ ਦੇ ਹੱਲ ਲਈ ਇਨ੍ਹਾਂ ਦਰਖਾਸਤਾਂ ਨੂੰ ਪ੍ਰਸ਼ਾਸਨਿਕ ਵਿਭਾਗਾਂ ਕੋਲ ਭੇਜਿਆ ਜਾਵੇਗਾ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਚੀਫ ਮਨਿਸਟਰ ਡੈਸ਼ਬੋਰਡ' ਜ਼ਿਲ੍ਹੇ ਭਰ ਵਿੱਚ ਆਮ ਲੋਕਾਂ ਤੋਂ ਉਨ੍ਹਾਂ ਦੀਆਂ ਅਰਜ਼ੀਆਂ ਅਤੇ ਬਕਾਇਆ ਕੰਮਾਂ ਬਾਰੇ ਫੀਡਬੈਕ ਲੈਣ ਦੇ ਨਾਲ-ਨਾਲ ਸਮੁੱਚੀ ਗਤੀਵਿਧੀਆਂ ਦੀ ਨਿਰੰਤਰ ਨਿਗਰਾਨੀ ਕਰੇਗਾ। ਮੁੱਖ ਮੰਤਰੀ ਨੇ ਕਿਹਾ ਕਿ ਇਹ ਆਮ ਲੋਕਾਂ ਦੇ ਰੋਜ਼ਮੱਰਾ ਦੇ ਕੰਮਾਂ ਨੂੰ ਸਮਾਂਬੱਧ ਅਤੇ ਤੁਰੰਤ ਨੇਪਰੇ ਚਾੜ੍ਹਨ ਨੂੰ ਯਕੀਨੀ ਬਣਾਏਗਾ। ਉਨ੍ਹਾਂ ਕਿਹਾ ਕਿ ਅਧਿਕਾਰੀ ਇਸ ਡੈਸ਼ਬੋਰਡ ਦੀ ਨਿਯਮਤ ਤੌਰ 'ਤੇ ਨਿਗਰਾਨੀ ਕਰਨਗੇ ਤਾਂ ਜੋ ਇਹ ਨਿਸ਼ਚਤ ਬਣਾਇਆ ਜਾ ਸਕੇ ਕਿ ਲੋਕਾਂ ਨੂੰ ਆਪਣੇ ਆਮ ਪ੍ਰਸ਼ਾਸਨਿਕ ਕੰਮਕਾਜ ਲਈ ਕਿਸੇ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।

ਭਗਵੰਤ ਸਿੰਘ ਮਾਨ ਨੇ ਸਪੱਸ਼ਟ ਤੌਰ ਉਤੇ ਕਿਹਾ, "ਇਹ ਸਹੀ ਮਾਅਨਿਆਂ ਵਿੱਚ ਪੰਜਾਬੀਆਂ ਦੀ ਸਰਕਾਰ ਹੈ ਕਿਉਂਕਿ ਪੰਜਾਬ ਦੇ ਲੋਕਾਂ ਨੇ ਜ਼ਬਰਦਸਤ ਫਤਵਾ ਦੇ ਕੇ ਮੇਰੇ ਵਿੱਚ ਵਿਸ਼ਵਾਸ ਪ੍ਰਗਟਾਇਆ ਸੀ ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।" ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਇਹ ਯਕੀਨੀ ਬਣਾਏਗੀ ਕਿ ਆਮ ਲੋਕਾਂ ਦੇ ਸਾਰੇ ਕੰਮਕਾਜ ਬਿਨਾਂ ਕਿਸੇ ਦੇਰੀ ਤੋਂ ਕੀਤੇ ਜਾ ਸਕਣ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਨਵੀਨਤਮ ਤਕਨੀਕ ਨੂੰ ਅਪਣਾਏਗੀ ਤਾਂ ਜੋ ਸਰਕਾਰੀ ਅਧਿਕਾਰੀਆਂ ਦਾ ਆਪਣੇ ਦਫ਼ਤਰਾਂ ਵਿੱਚ ਹਾਜ਼ਰ ਹੋਣ ਅਤੇ ਲੋਕਾਂ ਨੂੰ ਸੇਵਾਵਾਂ ਪ੍ਰਦਾਨ ਕਰਨਾ ਨਿਸ਼ਚਤ ਕੀਤਾ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੇ ਕੰਮਕਾਜ ਵਿੱਚ ਵਿਧਾਇਕਾਂ ਅਤੇ ਹੋਰ ਲੋਕ ਨੁਮਾਇੰਦਿਆਂ ਦੀ ਸ਼ਮੂਲੀਅਤ ਨੂੰ ਵੀ ਵਧਾਇਆ ਜਾਵੇਗਾ ਤਾਂ ਜੋ ਉਹ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਦੇ ਦਫ਼ਤਰਾਂ ਨਾਲ ਤਾਲਮੇਲ ਕਰਕੇ ਲੋਕਾਂ ਦੇ ਕੰਮਾਂ ਨੂੰ ਨੇਪਰੇ ਚਾੜ੍ਹ ਸਕਣ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵੱਖ-ਵੱਖ ਪਿੰਡਾਂ ਦਾ ਇੱਕ ਕਲੱਸਟਰ ਬਣਾਇਆ ਜਾਵੇਗਾ ਜਿੱਥੇ ਪ੍ਰਸ਼ਾਸਨਿਕ ਅਧਿਕਾਰੀ ਸਥਾਨਕ ਵਿਧਾਇਕ ਅਤੇ ਲੋਕ ਨੁਮਾਇੰਦਿਆਂ ਨਾਲ ਇਨ੍ਹਾਂ ਪਿੰਡਾਂ ਵਿੱਚ ਜਾ ਕੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਮੌਕੇ ਉਤੇ ਹੀ ਨਿਪਟਾਰਾ ਕਰਨਗੇ ਤਾਂ ਜੋ ਲੋਕਾਂ ਨੂੰ ਕੰਮਾਂ ਲਈ ਇਧਰ-ਉਧਰ ਭਟਕਣਾ ਨਾ ਪਵੇ। ਮੁੱਖ ਮੰਤਰੀ ਨੇ ਕਿਹਾ ਕਿ ਇਹ ਇੱਕ ਕ੍ਰਾਂਤੀਕਾਰੀ ਕਦਮ ਹੋਵੇਗਾ ਕਿਉਂਕਿ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਰਾਹੀਂ ਸਰਕਾਰ ਲੋਕਾਂ ਦੇ ਦਰ 'ਤੇ ਪਹੁੰਚ ਜਾਵੇਗੀ ਅਤੇ ਇਹ ਯਕੀਨੀ ਬਣਾਏਗੀ ਕਿ ਆਮ ਲੋਕਾਂ ਦੇ ਕੰਮਾਂ ਨੂੰ ਪ੍ਰਮੁੱਖਤਾ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦਫ਼ਤਰਾਂ ਵਿੱਚ ਪੁੱਛਗਿੱਛ ਅਤੇ ਜਾਂਚ ਕੇਂਦਰਾਂ ਦੇ ਰੂਪ ਵਿੱਚ ਵਿਸ਼ੇਸ਼ ਕਾਊਂਟਰ ਸਥਾਪਿਤ ਕੀਤੇ ਜਾਣਗੇ, ਤਾਂ ਜੋ ਲੋਕਾਂ ਨੂੰ ਉਸ ਦਫ਼ਤਰ ਦਾ ਤੁਰੰਤ ਪਤਾ ਲੱਗ ਸਕੇ ਕਿ



ਉਨ੍ਹਾਂ ਦਾ ਕੰਮ ਕਿੱਥੋਂ ਹੋਣਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਾਲ ਲੋਕਾਂ ਦੇ ਸਮੇਂ ਅਤੇ ਊਰਜਾ ਦੀ ਬੱਚਤ ਹੋਣ ਦੇ ਨਾਲ-ਨਾਲ ਉਨ੍ਹਾਂ ਦੇ ਕੰਮ ਨੂੰ ਸਮਾਂਬੱਧ ਢੰਗ ਨਾਲ ਕਰਨਾ ਯਕੀਨੀ ਬਣਾਇਆ ਜਾਵੇਗਾ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸਰਕਾਰ ਨੇ ਝੋਨੇ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਸਿੰਚਾਈ ਲਈ ਨਹਿਰੀ ਪਾਣੀ ਮੁਹੱਈਆ ਕਰਵਾਉਣ ਦਾ ਕ੍ਰਾਂਤੀਕਾਰੀ ਕਦਮ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਇਸ ਫੈਸਲੇ ਦਾ ਮਕਸਦ ਕਿਸਾਨਾਂ ਵੱਲੋਂ ਨਹਿਰੀ ਪਾਣੀ ਦੀ ਸੁਚੱਜੀ ਵਰਤੋਂ ਨੂੰ ਯਕੀਨੀ ਬਣਾ ਕੇ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਰੋਕਣਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਜ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਦੀ ਸਖ਼ਤ ਲੋੜ ਹੈ ਤਾਂ ਜੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਦਾ ਜੀਵਨ ਸੁਰੱਖਿਅਤ ਬਣਾਇਆ ਜਾ ਸਕੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਮੌਨਸੂਨ ਦੇ ਅਗਾਮੀ ਸੀਜ਼ਨ ਵਿੱਚ ਹੜ੍ਹਾਂ ਦੀ ਰੋਕਥਾਮ ਦੀ ਤਿਆਰੀ ਦਾ ਜ਼ਮੀਨੀ ਪੱਧਰ 'ਤੇ ਜਾਇਜ਼ਾ ਲੈਣ ਲਈ ਉਹ ਵਿਆਪਕ ਪੱਧਰ 'ਤੇ ਦੌਰੇ ਕਰਨਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਦੌਰਾ ਘੱਗਰ ਨਦੀ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਆਲੇ-ਦੁਆਲੇ ਹੋਵੇਗਾ ਤਾਂ ਜੋ ਜ਼ਮੀਨੀ ਪੱਧਰ 'ਤੇ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਅਚਨਚੇਤ ਜਾਂਚ ਕੀਤੀ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਹੋਰ ਹਿੱਸਿਆਂ ਵਿੱਚ ਵੀ ਅਜਿਹੀ ਜਾਂਚ ਕੀਤੀ ਜਾਵੇਗੀ ਤਾਂ ਜੋ ਆਉਣ ਵਾਲੇ ਮੌਨਸੂਨ ਸੀਜ਼ਨ ਦੌਰਾਨ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਮੁੱਖ ਮੰਤਰੀ ਨੇ ਕਿਹਾ ਕਿ ਮੈਡੀਕਲ ਪ੍ਰੀਖਿਆ ਨੀਟ ਦੇ ਲੀਕ ਹੋਣ ਨਾਲ ਉਨ੍ਹਾਂ ਹੋਣਹਾਰ ਵਿਦਿਆਰਥੀਆਂ ਦਾ ਭਵਿੱਖ ਬਰਬਾਦ ਹੋ ਗਿਆ ਹੈ ਜਿਨ੍ਹਾਂ ਨੇ ਇਸ ਪ੍ਰੀਖਿਆ ਲਈ ਦਿਨ-ਰਾਤ ਮਿਹਨਤ ਕੀਤੀ। ਉਨ੍ਹਾਂ ਕਿਹਾ ਕਿ ਇਹ ਹੋਰ ਵੀ ਸ਼ਰਮਨਾਕ ਗੱਲ ਹੈ ਕਿ ਕੇਂਦਰ ਸਰਕਾਰ ਨੇ ਨੀਟ ਪ੍ਰੀਖਿਆ ਦੇ ਕਿਸੇ ਵੀ ਤਰ੍ਹਾਂ ਦੇ ਲੀਕ ਹੋਣ ਤੋਂ ਇਨਕਾਰ ਕੀਤਾ ਸੀ ਪਰ ਇਹ ਬਹੁਤ ਮੰਦਭਾਗਾ ਹੈ ਕਿ ਇਸ ਘਟਨਾ ਨੇ ਪ੍ਰੀਖਿਆ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਦੀ ਮਾਨਸਿਕਤਾ ਨੂੰ ਠੇਸ ਪਹੁੰਚਾਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬਹੁਤ ਹੀ ਨਿੰਦਣਯੋਗ ਹੈ ਅਤੇ ਅਜਿਹੇ ਅਮਲਾਂ ਨੂੰ ਸਖ਼ਤੀ ਨਾਲ ਰੋਕਿਆ ਜਾਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਕੋਲ ਸੂਬੇ ਦੇ ਹਰੇਕ ਖੇਤਰ ਲਈ ਬਿਜਲੀ ਦੀ ਕੋਈ ਘਾਟ ਨਹੀਂ ਹੈ। ਉਨ੍ਹਾਂ ਕਿਹਾ ਕਿ ਪੰਜਾਬ ਕੋਲ ਵਾਧੂ ਬਿਜਲੀ ਹੈ ਅਤੇ ਚੱਲ ਰਹੇ ਪੀਕ ਸੀਜ਼ਨ ਦੇ ਬਾਵਜੂਦ ਕਿਸੇ ਵੀ ਸੈਕਟਰ ਵਿੱਚ ਬਿਜਲੀ ਕੱਟ ਨਹੀਂ ਲਾਇਆ ਜਾ ਰਿਹਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਜਿਹਾ ਤਾਂ ਹੀ ਸੰਭਵ ਹੋ ਰਿਹਾ ਹੈ ਕਿ ਸੂਬਾ ਸਰਕਾਰ ਵੱਲੋਂ ਵੱਡੇ ਸੁਧਾਰਾਂ ਦੀ ਸ਼ੁਰੂਆਤ ਕਰਕੇ ਹਰ ਖੇਤਰ ਨੂੰ ਬਿਜਲੀ ਸਪਲਾਈ ਯਕੀਨੀ ਬਣਾਈ ਜਾ ਰਹੀ ਹੈ।

# ਤਲਾਸ਼ੀ ਅਭਿਆਨ-ਦੂਜਾ ਦਿਨ: ਪੰਜਾਬ ਪੁਲਿਸ ਨੇ ਸੂਬੇ ਭਰ ਦੇ ਰੇਲਵੇ ਸਟੇਸ਼ਨਾਂ, ਬੱਸ ਅੱਡਿਆਂ 'ਤੇ ਕੀਤੀ ਚੈਕਿੰਗ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਸ਼ਿਆਂ ਅਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਸੋਮਵਾਰ ਨੂੰ ਸਾਰੇ ਰੇਲਵੇ ਸਟੇਸ਼ਨਾਂ/ਬੱਸ ਅੱਡਿਆਂ ਅਤੇ ਉਨ੍ਹਾਂ ਦੇ ਆਲੇ-ਦੁਆਲੇ ਵਿਸ਼ੇਸ਼ ਘੇਰਾਬੰਦੀ ਅਤੇ ਤਲਾਸ਼ੀ (ਕਾਸੋ) ਅਭਿਆਨ ਚਲਾਇਆ। ਸੂਬੇ ਵਿੱਚ ਇਸ ਵਿਸ਼ੇਸ਼ ਤਲਾਸ਼ੀ ਅਭਿਆਨ ਦਾ ਅੱਜ ਦੂਜਾ ਦਿਨ ਸੀ।

ਇਹ ਅਭਿਆਨ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਇੱਕੋ ਸਮੇਂ ਚਲਾਇਆ ਗਿਆ, ਜਿਸ ਤਹਿਤ ਪੁਲਿਸ ਟੀਮਾਂ ਨੇ ਸੁੰਘਣ ਵਾਲੇ ਕੁੱਤਿਆਂ ਦੀ ਸਹਾਇਤਾ ਨਾਲ ਰੇਲਵੇ ਸਟੇਸ਼ਨਾਂ ਅਤੇ ਬੱਸ ਅੱਡਿਆਂ 'ਤੇ ਆਉਣ - ਜਾਣ ਵਾਲੇ ਲੋਕਾਂ ਦੀ ਜਾਮਾਂ-ਤਲਾਸ਼ੀ ਲਈ।

ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਪੈਸ਼ਲ ਡੀਜੀਪੀ) ਲਾਅ ਐਂਡ ਆਰਡਰ ਅਰਪਿਤ ਸ਼ੁਕਲਾ, ਜੋ ਨਿੱਜੀ ਤੌਰ 'ਤੇ ਇਸ ਸੂਬਾ ਪੱਧਰੀ ਕਾਰਵਾਈ ਦੀ ਨਿਗਰਾਨੀ ਕਰ ਰਹੇ ਸਨ, ਨੇ ਕਿਹਾ ਕਿ ਸਾਰੇ ਰੇਂਜ ਅਫਸਰਾਂ, ਸੀਪੀਜ਼/ਐਸਐਸਪੀਜ਼ ਨੂੰ ਨਿੱਜੀ ਤੌਰ 'ਤੇ ਉਕਤ ਆਪ੍ਰੇਸ਼ਨ ਦੀ ਨਜ਼ਰ-ਸਾਨੀ ਕਰਨ ਅਤੇ ਗਜ਼ਟਿਡ ਰੈਂਕ ਦੇ ਅਧਿਕਾਰੀ ਦੀ ਨਿਗਰਾਨੀ ਹੇਠ ਹਰੇਕ ਰੇਲਵੇ ਸਟੇਸ਼ਨ /ਬੱਸ ਅੱਡੇ 'ਤੇ ਘੱਟੋ-ਘੱਟ ਦੋ ਪੁਲਿਸ ਟੀਮਾਂ ਤਾਇਨਾਤ ਕਰਨ ਲਈ ਕਿਹਾ ਗਿਆ ਸੀ।

ਉਨ੍ਹਾਂ ਕਿਹਾ, "ਅਸੀਂ ਸਾਰੇ ਪੁਲਿਸ ਮੁਲਾਜ਼ਮਾਂ ਨੂੰ ਸਖ਼ਤੀ ਨਾਲ ਹਦਾਇਤ ਕੀਤੀ ਸੀ ਕਿ ਉਹ ਇਸ ਕਾਰਵਾਈ ਦੌਰਾਨ ਹਰ ਵਿਅਕਤੀ ਨਾਲ ਦੋਸਤਾਨਾ ਢੰਗ ਅਤੇ ਨਿਮਰਤਾ ਨਾਲ ਪੇਸ਼ ਆਉਣ।''

ਉਨ੍ਹਾਂ ਕਿਹਾ ਕਿ ਸੂਬੇ ਦੇ ਵੱਖ-ਵੱਖ ਰੇਲਵੇ ਸਟੇਸ਼ਨਾਂ ਅਤੇ ਬੱਸ ਅੱਡਿਆਂ 'ਤੇ ਸ਼ੱਕੀ ਵਿਅਕਤੀਆਂ ਦੀ ਭਾਲ ਕਰਨ ਲਈ ਸੂਬੇ ਭਰ ਵਿੱਚ 2500 ਤੋਂ ਵੱਧ ਪੁਲਿਸ ਕਰਮੀਆਂ ਵਾਲੀਆਂ 350 ਤੋਂ ਵੱਧ ਪੁਲਿਸ ਟੀਮਾਂ ਤਾਇਨਾਤ ਕੀਤੀਆਂ ਗਈਆਂ ਸਨ ਤਾਂ ਜੋ ਲੋਕਾਂ ਦੀ ਘੱਟੋ-ਘੱਟ ਅਸੁਵਿਧਾ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਸੂਬੇ ਦੇ 106 ਰੇਲਵੇ ਸਟੇਸ਼ਨਾਂ ਅਤੇ 178 ਬੱਸ ਅੱਡਿਆਂ 'ਤੇ ਕੀਤੇ ਗਏ ਇਸ ਅਪਰੇਸ਼ਨ ਦੌਰਾਨ 2841 ਵਿਅਕਤੀਆਂ ਦੀ ਜਾਮਾਂ



ਤਲਾਸ਼ੀ ਲਈ ਗਈ।

ਜ਼ਿਕਰਯੋਗ ਹੈ ਕਿ ਪੁਲੀਸ ਟੀਮਾਂ ਨੇ ਅਪਰੇਸ਼ਨ ਦੌਰਾਨ ਰੇਲਵੇ ਸਟੇਸ਼ਨਾਂ ਦੀ ਪਾਰਕਿੰਗ ਵਿੱਚ ਖੜ੍ਹੇ ਦੋਪਹੀਆ ਵਾਹਨਾਂ ਅਤੇ ਚਾਰ ਪਹੀਆ ਵਾਹਨਾਂ ਦੀ ਵੀ ਚੈਕਿੰਗ ਕੀਤੀ।

ARES
REALTY
Residential | Commercial | Investment

Thinking
Of Selling Or
Buying A Home ?



ਘਰ ਜਾਂ Business ਵੇਚਣਾ ਜਾਂ ਖਰੀਦਣਾ ਹੋਵੇ

Residential | Commercial | Industrial | Raw land

ਜਿਵੇਂ :Farm House ,Liquor Stores ,Gas Stations
ਹਰ ਤਰ੍ਹਾਂ ਦੇ Apartments, Buildings Car Wash,
Truck Wash ਜਾਂ Gas Pumps ਵਰਗੀਆਂ ਪ੍ਰੋਪਰਟੀਜ਼

ਖਰੀਦਣ ਜਾਂ ਵੇਚਣ ਦੇ ਚਾਹਵਾਨ ਇੱਕ ਵਾਰ ਸਾਨੂੰ ਮਿਲੋ - ARES REALTY

Broker | Realtor | Mortgage Loan Originator : Tony Singh : (916) 519-7009 License ID: 01901843

REALTOR

| Jassi Avtar : | Alex Singh : | Rupinder Dhaliwal ( Ruby ): | Amarbir Takhar : | Harpreet Singh : | Roseleen Kumar : |
|---|---|---|---|---|---|
| (916) 335-3760 | (916) 582-4394 | (916) 764-2859 | (209) 277-9200 | (510) 589-8409 | (916)802-4833 |
| License ID: 02192444 | License ID: 02191925 | License ID: 01461487 | License ID: 02225690 | License ID: 02194943 | License ID: 02028063 |

OFFICE MANAGER | MARKETING DIRECTOR Sadie EL Ibrahimi : (916)-829-4200 | E-FAX : (916) 367-6756

TRS Constructions

ਘਰ ਵੇਚਣਾ ਹੋਵੇ, ਖ਼ਰੀਦਣਾ ਹੋਵੇ ਜਾਂ ਹੋਣ ਵਾਲੀ ਹੈ ਤੁਹਾਡੇ ਘਰ ਦੀ ਮੁਰੰਮਤ

ਅਸੀਂ ਘਰ ਦੀ ਸਾਰੀ Repair ਤੇ Re -Modelling ਕਰਦੇ ਹਾਂ | Without Any Money Out Of Your Pocket

ਤੁਸੀਂ ਇੱਕ ਵੀ ਪੈਸਾ ਨਹੀਂ ਦਿਓਗੇ TRS Constructions ਨੂੰ ਤੁਹਾਡੀ Sale ਦੇ ਵਿੱਚੋਂ Pay ਹੋ ਜਾਣਗੇ

ਵਧੇਰੇ ਜਾਣਕਾਰੀ ਜਾਂ ਕਿਸੇ ਵੀ ਤਰ੍ਹਾਂ ਦੀ Quiry ਲਈ ਕਾਲ : Tony Singh : (916) 519-7009 Loan Contractor
License ID: 01901843

# ਨਹਿਰੀ ਪਟਵਾਰ ਯੂਨੀਅਨ ਪੰਜਾਬ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੇ ਹਲਕੇ ਧੂਰੀ 'ਚ ਸੂਬਾ ਪੱਧਰੀ ਰੋਸ ਪ੍ਰਦਰਸ਼ਨ

ਧੂਰੀ
ਸਾਂਝੀ ਸੋਚ ਬਿਊਰੋ

ਨਹਿਰੀ ਪਟਵਾਰ ਯੂਨੀਅਨ ਸਮੂਹ ਮੁਲਾਜ਼ਮਾਂ ਅਤੇ ਕਿਸਾਨ ਭਰਾਤਰੀ ਜਥੇਬੰਦੀਆਂ ਵੱਲੋਂ ਨਵੀਂ ਅਨਾਜ ਮੰਡੀ ਧੂਰੀ ਵਿਖੇ ਪੰਜਾਬ ਸਰਕਾਰ ਖ਼ਿਲਾਫ਼ ਸੂਬਾ ਪ੍ਰਧਾਨ ਜਸਕਰਨ ਸਿੰਘ ਗੈਰੀ ਬੁੱਟਰ ਦੀ ਅਗਵਾਈ ਹੇਠ ਇੱਕ ਵਿਸ਼ਾਲ ਰੋਸ ਰੈਲੀ ਕੀਤੀ ਗਈ। ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਜਸਕਰਨ ਸਿੰਘ ਗੈਰੀ ਬੁੱਟਰ ਨੇ ਕਿਹਾ ਕਿ ਜਲ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਵੱਲੋਂ ਨਹਿਰੀ ਪਟਵਾਰੀਆਂ ਉੱਪਰ ਇੱਕ ਡਬਲਯੂ ਆਰਡੀ ਨਾਂ ਦਾ ਵੱਟਸਐਪ ਗਰੁੱਪ ਬਣਾ ਕੇ ਪ੍ਰੈਸ਼ਰ ਪਾਇਆ ਜਾ ਰਿਹਾ ਹੈ ਕਿ ਪੰਜਾਬ ਦੀ ਧਰਤੀ ਉੱਪਰ ਦਿੱਤੇ ਗਏ ਪਾਣੀ ਨਾਲ ਪੂਰੀ ਤਰ੍ਹਾਂ ਮੁਕੰਮਲ ਸਿੰਚਾਈ ਹੋ ਰਹੀ ਹੈ ਜਦੋਂ ਕਿ ਸੱਚ ਇਸ ਦੇ ਬਿਲਕੁਲ ਉਲਟ ਹੈ ਉਹਨਾਂ ਦੱਸਿਆ ਕਿ ਖੇਤੀ ਵਿਗਿਆਨੀਆਂ ਨੇ ਦਿੱਤੇ ਗਏ ਅੰਕੜਿਆਂ ਅਨੁਸਾਰ ਪੂਰੇ ਪੰਜਾਬ ਨੂੰ ਖੇਤੀ ਕਰਨ ਲਈ 66.12 ਬੀ ਸੀ ਐਮ ਪਾਣੀ ਦੀ ਜ਼ਰੂਰਤ ਹੈ ਜਦੋਂ ਕਿ ਅੱਜ ਦੀ ਘੜੀ ਅਸੀਂ 5 ਰ.06 ਬੀਸੀਐਮ ਟਿਊਬਵੈਲ ਤੋਂ ਬਿਨਾਂ ਪਾਣੀ ਵਰਤਿਆ ਜਾ ਰਿਹਾ ਹੈ ਪੰਜਾਬ ਨੂੰ 13.6 ਬੀਸੀਐਮ ਪਾਣੀ ਦੀ ਜ਼ਰੂਰਤ ਹੋਰ ਹੈ ਪਰ ਜਲਦ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ 20% ਤੋਂ 27% ਹੋ ਰਹੀ ਸਿੰਚਾਈ ਨੂੰ ਆਪਣੀ ਅੰਕੜਿਆਂ ਦੀ ਖੇਡ ਰਾਹੀਂ 100% ਕਰਵਾ ਰਹੇ ਹਨ ਜੋ ਸਰਾਸਰ ਗਲਤ ਕੀਤਾ ਜਾ ਰਿਹਾ ਹੈ ਉਹਨਾਂ ਇਹ ਵੀ ਦੱਸਿਆ ਕਿ ਪ੍ਰਮੁੱਖ ਸਕੱਤਰ ਆਪਣੇ ਅੰਕੜੇ ਦੀ ਖੇਡ ਨੂੰ ਪੂਰਾ ਕਰਨ ਲਈ ਨਹਿਰੀ ਪਟਵਾਰੀਆਂ ਉੱਪਰ ਚਾਰ ਸੀਟਾਂ ਕਰ ਕਰ ਕੇ ਮੁਤਲ ਕਰ ਕਰਕੇ ਪਾਣੀ ਦਾ ਫਰਜੀ ਅੰਕੜਾ 100ਪ ਕੀਤਾ ਜਾ ਸਕੇ ਜੋ ਪੰਜਾਬ ਦੀ ਖੇਤੀਬਾੜੀ ਲਈ ਆਮ ਪਬਲਿਕ ਦੇ ਲਈ ਬਹੁਤ ਘਾਤਕ ਹੈ ਇਸੇ ਗੱਲ ਨੂੰ ਮੁੱਖ ਰੱਖਦੇ ਆਂ ਕ੍ਰਿਸ਼ਨ ਕੁਮਾਰ ਭਜਾਓ ਪੰਜਾਬ ਦਾ ਪਾਣੀ ਬਚਾਓ ਦਾ ਨਾਰਾ ਬੁਲੰਦ ਕੀਤਾ ਗਿਆ।



ਨਹਿਰੀ ਪਟਵਾਰ ਯੂਨੀਅਨ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ ਅਤੇ ਸੂਬਾ ਜਨਰਲ ਸਕੱਤਰ ਬਲਕਾਰ ਸਿੰਘ ਵੱਲੋਂ ਵੀ ਪੰਜਾਬ ਦੇ ਪਾਣੀਆਂ ਸਬੰਧੀ ਜਾਣਕਾਰੀ ਦਿੰਦੇ ਆਖਿਆ ਕਿ ਉਹ ਪਹਿਲਾਂ ਪ੍ਰਮੁੱਖ ਸਕੱਤਰ ਆਪਣੇ ਤਾਨਾਸ਼ਾਹੀ ਰਵੱਈਏ ਨੂੰ ਵਰਤਦੇ ਆਂ ਹੋਇਆ ਨਹਿਰੀ ਪਟਵਾਰੀਆਂ ਨੂੰ ਵੱਖ-ਵੱਖ ਪੱਤਰਾਂ ਰਾਹੀਂ ਹੁਕਮ ਲਗਾਤਾਰ ਸੁਣਾਏ ਜਾ ਰਹੇ ਹਨ ਜਿਵੇਂ ਕਿ ਸਰਵਿਸ ਬ੍ਰੇਕ ਦਾ ਪੱਤਰ ਤਿੰਨ ਪੁਆਇੰਟ 17ਏ ਤਨਖਾਹਾਂ ਕੱਟਣ ਦਾ ਪੱਤਰ ਨੋ ਵਰਕ ਨੋ ਪੇ ਮੁਲਾਜ਼ਮ ਮਾਰੂ ਅਤੇ ਦਵਾਉਣ ਦੇ ਪੱਤਰ ਲਗਾਤਾਰ ਜਾਰੀ ਕੀਤੇ ਜਾ ਰਹੇ ਹਨ ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਜਲ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਵੱਲੋਂ ਅੱਜ ਰੈਲੀ ਵਾਲੇ ਦਿਨ ਤੱਕ ਵੀ ਨਹਿਰੀ ਪਟਵਾਰੀਆਂ ਦੀ ਤਨਖਾਹ ਰਿਲੀਜ਼ ਨਹੀਂ ਕੀਤੀਆਂ ਗਈਆਂ। ਇਸ ਮੌਕੇ ਨਹਿਰੀ ਪਾਣੀ ਪ੍ਰਾਪਤੀ ਸੰਘਰਸ਼ ਕਮੇਟੀ ਦੇ ਸੂਬਾ ਪ੍ਰਧਾਨ ਸਰਦਾਰ ਜਰਨੈਲ ਸਿੰਘ ਜਹਾਂਗੀਰ ਜੀ ਅਤੇ ਸੂਬਾ ਜਨਰਲ ਸਕੱਤਰ ਪਰਮੇਲ ਸਿੰਘ ਹਥਨ ਵੱਲੋਂ ਪੰਜਾਬ ਸਰਕਾਰ ਨੂੰ ਅਤੇ ਜਲ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਨੂੰ ਘੇਰਦਿਆਂ ਆਖਿਆ ਕਿ ਉਹ ਨਹਿਰੀ ਪਟਵਾਰ ਯੂਨੀਅਨ ਦੇ ਮੋਢੇ ਨਾਲ ਮੋਢਾ ਲਾ ਕੇ ਖੜੇ ਹਨ ਕਿਤੇ ਉਹ ਗਲਤੀ ਨਾਲ ਵੀ ਨਹਿਰੀ ਪਟਵਾਰੀਆਂ ਦਾ ਨੁਕਸਾਨ ਨਾ ਕਰ ਬੈਠਣ ਇਸੇ ਤਰ੍ਹਾਂ ਬਾਕੀ ਯੂਨੀਅਨ ਨੇ ਵੀ ਕ੍ਰਿਸ਼ਨ ਕੁਮਾਰ ਅਤੇ ਪੰਜਾਬ ਸਰਕਾਰ ਨੂੰ ਸਖਤ ਤਾੜਨਾ ਕੀਤੀ। ਸੀਪੀਐਫ ਯੂਨੀਅਨ ਦੇ ਸੂਬਾ ਪ੍ਰਧਾਨ ਸੁਖਜੀਤ ਸਿੰਘ ਵੱਲੋਂ ਵੀ ਪੰਜਾਬ ਸਰਕਾਰ ਨੂੰ ਘੇਰਦਿਆਂ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਦਾ ਕਰੜੇ ਸ਼ਬਦਾਂ ਵਿੱਚ ਵਿਰੋਧ ਕੀਤਾ ਗਿਆ।

ਧੰਨਵਾਦੀ ਭਾਸ਼ਣ ਵਿੱਚ ਸੂਬਾ ਪ੍ਰਧਾਨ ਸਰਦਾਰ ਜਸਕਰਨ ਸਿੰਘ ਗੈਰੀ ਬੁੱਟਰ ਵੱਲੋਂ ਮੰਗ ਪੱਤਰ ਲੈਣ ਆਏ ਤਹਿਸੀਲਦਾਰ ਧੂਰੀ ਨੂੰ ਮੁੱਖ ਮੰਤਰੀ ਸਾਹਿਬ ਨਾਲ ਮੀਟਿੰਗ ਦੇਣ ਲਈ ਸਿਰਫ ਇੱਕ ਦਿਨ ਦਾ ਸਮਾਂ ਹੀ ਦਿੱਤਾ ਗਿਆ ਉਹਨਾਂ ਇਹ ਵੀ ਆਖਿਆ ਕਿ ਅਗਰ ਪ੍ਰਸ਼ਾਸਨ ਨਹਿਰੀ ਪਟਵਾਰ ਯੂਨੀਅਨ ਨੂੰ ਮੀਟਿੰਗ ਨਹੀਂ ਦਿੰਦੀ ਤਾਂ ਆਉਣ ਵਾਲੇ ਸਮੇਂ ਵਿੱਚ ਹੋ ਰਹੀਆਂ ਜਲੰਧਰ ਜਿਮਨੀ ਚੋਣਾਂ ਵਿੱਚ ਸਰਕਾਰ ਦਾ ਡਟਵਾਂ ਵਿਰੋਧ ਕੀਤਾ ਜਾਵੇਗਾ। ਇਸ ਰੋਸ ਰੈਲੀ ਵਿੱਚ ਨਹਿਰੀ ਪਾਣੀ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜਰਨੈਲ ਸਿੰਘ ਜਹਾਂਗੀਰ, ਕਿਰਤੀ ਕਿਸਾਨ ਯੂਨੀਅਨ ਦੇ ਭੁਪਿੰਦਰ ਸਿੰਘ ਲੌਂਗੋਵਾਲ, ਬੀਕੇਯੂ ਡਕੌਂਦਾ ਧਨੇਰ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ, ਡੀਟੀਐੱਫ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਸੂਬਾ ਮੀਤ ਪ੍ਰਧਾਨ ਰਘਵੀਰ ਸਿੰਘ ਭਵਾਨੀਗੜ੍ਹ, ਰਾਜੀਵ ਬਰਨਾਲਾ, ਕਰਮਜੀਤ ਨਦਾਮਪੁਰ, ਕੁਲਵੰਤ ਖਨੌਰੀ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਹਰਦੀਪ ਸਿੰਘ ਟੋਡਰਪੁਰ, ਨੌਜਵਾਨ ਭਾਰਤ ਸਭਾ ਦੇ ਕਰਮਜੀਤ ਸਿੰਘ ਮਾਣੂੰਕੇ, ਸੰਯੁਕਤ ਕਿਸਾਨ ਮੋਰਚਾ, ਬੀਕੇਯੂ ਲੱਖੋਵਾਲ, ਬੀਕੇਯੂ ਸਿੱਧੂਪੁਰ, ਪੰਜਾਬ ਕਿਸਾਨ ਯੂਨੀਅਨ ਰੁਲਦੂ ਗਰੁੱਪ ਆਦਿ ਕਿਸਾਨ ਯੂਨੀਅਨ ਤੋਂ ਇਲਾਵਾ, ਡੀਸੀ ਦਫਤਰ ਕਰਮਚਾਰੀ ਯੂਨੀਅਨ, ਪੀਪੀਐਫ ਯੂਨੀਅਨ, ਪੰਜਾਬ ਮੁਲਾਜ਼ਮ ਅਤੇ ਪੈਨਸ਼ਨ ਸਾਂਝਾ ਫਰੰਟ, ਦਾ ਰੈਵਨਿਊ ਪਟਵਾਰ ਯੂਨੀਅਨ, ਐਮ ਪੀ ਐਚ ਡਬਲਯੂ ਯੂਨੀਅਨ, ਜਨਤਕ ਜਥੇਬੰਦੀ ਸਾਂਝਾ ਮੋਰਚਾ ਪੰਜਾਬ, ਸਬਾਲਡੀਨੇਡ ਸਰਵਿਸਿਜ਼ ਯੂਨੀਅਨ ਰਾਣਾ ਅਤੇ ਸੱਜਣ ਗਰੁੱਪ, ਪੰਜਾਬ ਸਟੂਡੈਂਟਸ ਯੂਨੀਅਨ, ਦਾ ਕਾਨੂੰਗੋ ਐਸੋਸੀਏਸ਼ਨ ਪੀ ਐੱਸ ਐੱਸ ਵਿਗਿਆਨਿਕ, ਥਰਮਲ ਪਲਾਂਟ ਲਹਿਰਾ ਮੁਹਬਤ, ਨੌਜਵਾਨ ਭਾਰਤ ਸਭਾ, ਸਾਂਝਾ ਮੋਰਚਾ ਜਨਤਕ ਜਥੇਬੰਦੀਆਂ, ਡੈਮੋਕ੍ਰੇਟਿਕ ਮੁਲਾਜ਼ਿਮ ਫੈਡਰੇਸ਼ਨ, ਪੁਰਾਣੀ ਪੈਨਸ਼ਨ ਬਹਾਲੀ ਕਮੇਟੀ, ਨੰਬਰਦਾਰ ਯੂਨੀਅਨ, ਸਰਪੰਚ ਯੂਨੀਅਨ ਆਦਿ ਤੋਂ ਇਲਾਵਾ ਹੋਰ ਜਥੇਬੰਦੀਆਂ ਸ਼ਾਮਿਲ ਹੋਈਆਂ।

## ਨਾਮਵਰ ਲੇਖਕ ਪ੍ਰਿੰ: ਬਲਵਿੰਦਰ ਸਿੰਘ ਫਤਹਿਪੁਰੀ ਦੀ ਮੌਤ 'ਤੇ ਦੁੱਖ ਪ੍ਰਗਟਾਇਆ

ਬਿਆਸ
ਬਲਰਾਜ ਰਾਜਾ

50 ਦੇ ਕਰੀਬ ਕਾਵਿ ਸੰਗ੍ਰਹਿ, ਨਿਬੰਧ, ਸ਼ਬਦ ਚਿੱਤਰ, ਨਾਵਲ ਆਦਿ ਪੁਸਤਕਾਂ ਪੰਜਾਬੀ ਮਾਂ ਬੋਲੀ ਦੀ ਝੋਲੀ ਪਾਉਣ ਵਾਲੇ ਪੰਜਾਬੀ ਜ਼ੁਬਾਨ ਦੇ ਨਾਮਵਰ ਸਾਹਿਤਕਾਰ ਪ੍ਰਿੰ: ਬਲਵਿੰਦਰ ਸਿੰਘ ਫਤਹਿਪੁਰੀ ਦੀ ਅਚਨਚੇਤੀ ਮੌਤ 'ਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਇਕ ਸ਼ੋਕ ਇਕੱਤਰਤਾ ਕੀਤੀ ਗਈ।

ਇਸ ਮੌਕੇ ਸਭਾ ਦੇ ਬੁਲਾਰਿਆਂ ਨੇ ਸ੍ਰੀ ਫਤਹਿਪੁਰੀ ਵੱਲੋਂ ਨਿਭਾਈਆਂ ਗਈਆਂ ਸਾਹਿਤਕ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਇਸਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ ਹੈ ਅਤੇ ਉਨ੍ਹਾਂ ਨੂੰ ਦੋ ਮਿੰਟ ਦਾ ਮੋਨ ਧਾਰਕੇ ਸ਼ਰਧਾਂਜਲੀ ਭੇਟ ਕੀਤੀ ਗਈ।



ਇਸ ਮੌਕੇ ਦੁੱਖ ਪ੍ਰਗਟ ਕਰਨ ਵਾਲਿਆਂ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀ: ਮੀਤ ਪ੍ਰਧਾਨ ਡਾ: ਪਰਮਜੀਤ ਸਿੰਘ ਬਾਠ, ਮੱਖਣ ਸਿੰਘ ਭੈਣੀਵਾਲਾ, ਮੀਤ ਪ੍ਰਧਾਨ ਮੁਖਤਾਰ ਸਿੰਘ ਗਿੱਲ, ਜਸਪਾਲ ਸਿੰਘ ਧੂਲਕਾ, ਸਕੱਤਰ ਨਵਦੀਪ ਸਿੰਘ ਬਦੇਸ਼ਾ, ਸਤਰਾਜ ਜਲਾਲਾਂਬਾਦੀ, ਸਕੱਤਰ ਸਿੰਘ ਪੁਰੇਵਾਲ, ਦਿਲਰਾਜ ਸਿੰਘ ਦਰਦੀ, ਬਲਵਿੰਦਰ ਸਿੰਘ ਅਠੌਲਾ, ਸੱਤਾ ਜਸਪਾਲ, ਸੁਖਦੇਵ ਸਿੰਘ ਭੁੱਲਰ, ਡਾ: ਕੁਲਵੰਤ ਸਿੰਘ ਬਾਠ, ਸਰਬਜੀਤ ਸਿੰਘ ਪੱਡਾ, ਅਮਰਜੀਤ ਸਿੰਘ ਘੁੱਕ, ਅਰਜਿੰਦਰ ਬੁਤਾਲਵੀ, ਅਜੀਤ ਸਿੰਘ ਸਠਿਆਲਾ, ਮਹਿਲਾ ਵਿੰਗ ਦੀ ਪ੍ਰਧਾਨ ਸੁਖਵੰਤ ਕੌਰ ਵੱਸੀ, ਮੀਤ ਪ੍ਰਧਾਨ ਜਤਿੰਦਰਪਾਲ ਕੌਰ ਭਿੰਡਰ, ਗੁਰਮੀਤ ਕੌਰ ਬੱਲ, ਸਕੱਤਰ ਰਾਜਵਿੰਦਰ ਕੌਰ ਰਾਜ, ਅਮਨ ਢਿੱਲੋਂ ਕਸੇਲ, ਸੁਰਿੰਦਰ ਖਿਲਚੀਆਂ ਦੇ ਨਾਂ ਵਰਨਣਯੋਗ ਹਨ।

## ਮਾਸਟਰ ਪਰਮਵੇਦ ਨੇ ਆਪਣਾ 70ਵਾਂ ਜਨਮ ਦਿਨ ਬੂਟੇ ਲਾ ਕੇ ਮਨਾਇਆ

ਸੰਗਰੂਰ
ਸਾਂਝੀ ਸੋਚ ਬਿਊਰੋ

ਤਰਕਸ਼ੀਲ ਸੁਸਾਇਟੀ ਪੰਜਾਬ ਜੋਨ ਸੰਗਰੂਰ-ਬਰਨਾਲਾ ਦੇ ਜਥੇਬੰਦਕ ਮੁਖੀ ਤੇ ਅਫ਼ਸਰ ਕਲੋਨੀ ਪਾਰਕ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਮਾਸਟਰ ਪਰਮਵੇਦ ਨੇ ਆਪਣਾ 70ਵਾਂ ਜਨਮਦਿਨ ਅਫ਼ਸਰ ਕਲੋਨੀ ਪਾਰਕ ਵਿੱਚ ਬੂਟੇ ਲਾ ਕੇ ਮਨਾਇਆ। ਉਨ੍ਹਾਂ ਇੱਕ ਪ੍ਰੈਸ ਬਿਆਨ ਵਿੱਚ ਦੱਸਿਆ ਕਿ ਬੂਟੇ/ਰੁੱਖ ਲਗਾਉਣਾ ਸਮੇਂ ਦੀ ਮੁੱਖ ਲੋੜ ਹੈ। ਇਸ ਨਾਲ ਵਾਤਾਵਰਣ ਸ਼ੁੱਧ ਰਹਿੰਦਾ ਹੈ। ਉਨ੍ਹਾਂ ਕਿਹਾ ਫ਼ਲ, ਫੁੱਲ ਤੇ ਛਾਂ ਸਮੇਤ ਬੂਟਿਆਂ ਦੇ ਅਣਗਿਣਤ ਲਾਭ ਹਨ। ਵਾਤਾਵਰਣ ਵਿੱਚੋਂ ਗੰਦੀਆਂ ਗੈਸਾਂ ਨੂੰ ਸੋਖ ਕੇ ਸ਼ੁੱਧ ਹਵਾ ਵਾਤਾਵਰਣ ਵਿੱਚ ਛੱਡਦੇ ਹਨ। ਮੀਂਹ ਪਵਾਉਣ ਵਿੱਚ ਬੂਟਿਆਂ ਦਾ ਵਿਸ਼ੇਸ਼ ਯੋਗਦਾਨ ਹੈ। ਗਰਮੀ ਵਧਣ ਦਾ ਇੱਕ ਵੱਡਾ ਕਾਰਨ ਦਰੱਖਤਾਂ ਦਾ ਘਟਣਾ ਹੈ। ਇਸ ਲਈ ਸਾਨੂੰ ਬੂਟੇ ਲਗਾ ਕੇ ਉਨ੍ਹਾਂ ਦੀ ਸੰਭਾਲ ਵੀ ਕਰਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਉਹ ਆਪਣੇ ਸਾਥੀਆਂ ਤੇ ਪਾਰਕ ਵਿੱਚ ਆਉਣ ਵਾਲੇ ਬੱਚਿਆਂ ਦੀ ਸਹਾਇਤਾ ਨਾਲ ਬੂਟਿਆਂ ਨੂੰ ਰੋਜ਼ਾਨਾ ਪਾਣੀ ਦਿੰਦੇ ਹਾਨ।



ਪਾਰਕ ਦੀ ਵਧ ਤੋਂ ਵੱਧ ਸਫ਼ਾਈ ਤੇ ਬੂਟਿਆਂ ਦਾ ਧਿਆਨ ਰੱਖਿਆ ਜਾਂਦਾ ਹੈ। ਮਾਸਟਰ ਪਰਮਵੇਦ ਦੇ ਜਨਮ ਦਿਨ ਤੇ ਪਾਰਕ ਵਿੱਚ ਬੂਟੇ ਲਾਉਣ ਦੇ ਪ੍ਰਬੰਧਿਕ ਪਾਰਕ ਕਮੇਟੀ ਦੇ ਵਿੱਤ ਸਕੱਤਰ ਲੈਕਚਰਾਰ ਕ੍ਰਿਸ਼ਨ ਸਿੰਘ ਨੇ ਦੱਸਿਆ ਕਿ ਪਾਰਕ ਵਿੱਚ ਲੱਗੇ ਬੂਟਿਆਂ ਦੀ ਪੂਰੀ ਸੰਭਾਲ ਕੀਤੀ ਜਾਂਦੀ ਹੈ।

ਉਨ੍ਹਾਂ ਅਫ਼ਸਰ ਕਲੋਨੀ ਵਸਿੰਦਿਆਂ ਨੂੰ ਵੱਧ ਤੋਂ ਬੂਟੇ ਲਗਾਉਣ, ਖ਼ਾਸ ਕਰਕੇ ਆਪਣੇ ਤੇ ਆਪਣੇ ਬੱਚਿਆਂ ਦੇ ਜਨਮ ਦਿਨ ਬੂਟੇ ਲਾ ਕੇ ਮਨਾਉਣ ਤੇ ਪਾਰਕ ਦੀ ਡਿਵੈਲਪਮੈਂਟ ਲਈ ਆਰਥਿਕ ਸਹਿਯੋਗ ਦੇਣ ਦੀ ਅਪੀਲ ਕੀਤੀ ਹੈ। ਉਨ੍ਹਾ ਵਨੀਤਾ ਜੈਨ,ਅਤੁੱਲ ਜੈਨ, ਸਰਪੰਚ ਸੁਰਿੰਦਰ ਸਿੰਘ ਭਿੰਡਰ, ਜਗਜੀਤ ਸਿੰਘ ਜੀਤੀ ਲੱਡੀ, ਹੈਪੀ ਦਾ ਵਿਸ਼ੇਸ਼ ਜ਼ਿਕਰ ਕੀਤਾ ਜੋ ਹਰ ਸਾਲ ਆਪਣੇ ਜਨਮ ਦਿਨ ਤੇ ਬੂਟੇ ਲਾਉਣ ਲਈ ਵਿਸ਼ੇਸ਼ ਮਦਦ ਕਰਦੇ ਹਨ, ਉਨ੍ਹਾਂ ਲੋਕਾਂ ਨੂੰ ਆਉਣ ਵਾਲੀ ਮੌਨਸੂਨ ਰੁੱਤ ਵਿੱਚ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਅਪੀਲ ਕੀਤੀ ਹੈ।

## ਕਮਿਊਨਿਸਟ ਇਨਕਲਾਬੀ ਆਗੂ ਕਾ. ਮਦਨ ਗੋਪਾਲ ਦੀ ਯਾਦ 'ਚ ਯਾਦਗਾਰੀ ਸਮਾਗਮ

ਜਲੰਧਰ
ਸਾਂਝੀ ਸੋਚ ਬਿਊਰੋ

ਸਮਾਜ ਨੂੰ ਹਰ ਮਨੁੱਖ ਦੇ ਚੰਗਾ ਜਿਊਣਯੋਗ ਬਣਾਉਣ ਲਈ ਸਾਰੀ ਉਮਰ ਦ੍ਰਿੜਤਾ ਨਾਲ ਕੰਮ ਕਰਨ ਵਾਲੇ ਉੱਘੇ ਇਨਕਲਾਬੀ ਕਮਿਊਨਿਸਟ ਆਗੂ ਕਾਮਰੇਡ ਮਦਨ ਗੋਪਾਲ ਦੀ ਸੱਤਵੀਂ ਬਰਸੀ ਤੇ ਸੰਗੀ-ਸਾਥੀਆਂ, ਸਨੇਹੀਆਂ ਅਤੇ ਪਰਿਵਾਰ ਵਲੋਂ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕਾਮਰੇਡ ਅਜਮੇਰ ਸਿੰਘ, ਹੰਸ ਰਾਜ ਪੱਬਵਾ ਅਤੇ ਡਾ. ਜਸਮੀਤ ਸਿੰਘ ਦੀ ਪ੍ਰਧਾਨਗੀ ਹੇਠ ਯਾਦਗਾਰੀ ਸਮਾਗਮ ਕੀਤਾ ਗਿਆ।

ਇਸ ਮੌਕੇ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਦੇ ਸੂਬਾ ਆਗੂ ਕਾਮਰੇਡ ਅਜਮੇਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੌਜੂਦਾ ਸਥਿਤੀ 'ਚ ਇਕ ਵਾਰ ਤਾਂ ਮੋਦੀ ਸਰਕਾਰ ਨੂੰ ਕਿਸਾਨਾਂ ਮਜ਼ਦੂਰਾਂ ਦੇ ਸੰਘਰਸ਼ ਨੇ ਝੁਕਣ ਲਈ ਮਜਬੂਰ ਕੀਤਾ। ਜਿਹੜੇ ਸੱਤਾ 'ਚ ਆਉਣ ਲਈ ਮੁਸਲਮਾਨਾਂ ਖ਼ਿਲਾਫ਼ ਜ਼ਹਿਰ ਉਗਲਦੇ ਰਹੇ ਅਤੇ ਚਾਰ ਸੌ ਪਾਰ ਦੇ ਨਾਅਰੇ ਨੂੰ ਦੇਸ਼ ਭਰ ਦੇ ਲੋਕਾਂ ਨੇ ਪੂਰੀ ਤਰ੍ਹਾਂ ਨਕਾਰ ਦਿੱਤਾ ਤੇ ਮੋਦੀ ਹਕੂਮਤ ਆਪਣੇ ਦਮ 'ਤੇ ਬਹੁਮਤ ਵੀ ਨਹੀਂ ਪ੍ਰਾਪਤ ਕਰ ਸਕੀ।

Space available for Ad
Contact # +1 (209) 303-1260


Star India
SWEETS AND CATERING
VEG AND NON-VEG
Entrees
DESSERTS
APPETIZERS
BEVERAGES
SIDES ETC.
RENOWNED CHEFS
HIGH QUALITY INGREDIENTS
ਵਿਆਹ - ਸ਼ਾਦੀਆਂ ਜਾਂ ਪਾਰਟੀਆਂ ਲਈ 2000 ਬੰਦਿਆਂ ਦੀ ਕੇਟਰਿੰਗ ਦਾ ਵੀ ਖਾਸ ਪ੍ਰਬੰਧ
ਦੇਸੀ ਘੀ ਦੀਆਂ ਸਵਾਦਿਸ਼ਟ ਤੇ ਤਾਜ਼ੀਆਂ ਮਠਿਆਈਆਂ ਖ਼ਾਸ ਮੌਕਿਆਂ ਲਈ
ORDERS ਤੇ ਕਰਵਾਓ ਤਿਆਰ
DINE IN AND TO GO ORDERS ALSO AVAILABLE
ਹਫ਼ਤੇ ਦੇ 7 ਤੇ ਦਿਨ ਖੁੱਲਾ : 10am-9pm
PHONE NUMBER:
(209) 629-8511, (209)858-1380
CELL ( ASHOK VERMA) (209) 681-5171
Address :- 209 E Louise Ave, Lathrop, CA , 95330

# ਫਰਿਜ਼ਨੋ ਨਿਵਾਸੀ ਹਰਭਜਨ ਸਿੰਘ ਰੰਧਾਵਾ ਨੇ ਪੰਜਾਬੀਆਂ ਦਾ ਨਾਮ ਚਮਕਾਇਆ

ਫਰਿਜ਼ਨੋ
ਕੁਲਵੰਤ ਧਾਲੀਆਂ,ਨੀਟਾ ਮਾਛੀਕੇ




ਲੰਘੇ ਐਤਵਾਰ ਫਰਿਜ਼ਨੋ ਦੇ ਵੁਡਵਰਡ ਪਾਰਕ ਵਿੱਚ ਪਿਤਾ ਦਿਵਸ ਨੂੰ ਮੁੱਖ ਰੱਖਕੇ 10ਕੇ ਰਨ ਦੌੜ ਕਰਵਾਈ ਗਈ। ਇਸ ਦੌੜ ਵਿੱਚ 100 ਤੋਂ ਵੱਧ ਲੋਕਾਂ ਨੇ ਭਾਗ ਲਿਆ, ਇਹ ਦੌੜ 10 ਕਿੱਲੋਮੀਟਰ ਲੰਮੀ ਸੀ ਅਤੇ ਇਸ ਦੌੜ ਵਿੱਚ 60 ਤੋਂ 69 ਸਾਲ ਵਰਗ ਵਿੱਚ ਫਰਿਜ਼ਨੋ ਨਿਵਾਸੀ ਸੰਨੀ ਸਿੰਘ ਰੰਧਾਵਾ ਦੇ ਪਿਤਾ ਹਰਭਜਨ ਸਿੰਘ ਰੰਧਾਵਾ (69) ਨੇ ਤੀਸਰਾ ਸਥਾਨ ਹਾਸਲ ਕਰਕੇ ਪੰਜਾਬੀ ਭਾਈਚਾਰੇ ਦਾ ਸਿਰ ਫ਼ਖ਼ਰ ਨਾਲ ਉੱਚਾ ਕਰ ਦਿੱਤਾ।ਉਹ ਪੰਜਾਬ ਤੋਂ ਅੰਮ੍ਰਿਤਸਰ ਸ਼ਹਿਰ ਦੀ ਰਣਜੀਤ ਐਵੇਨਿਊ ਕਲੋਨੀ, ਏ ਬਲਾਕ ਨਾਲ ਸਬੰਧ ਰੱਖਦੇ ਹਨ। ਉਹਨਾਂ 2019 ਅਤੇ 20 ਵਿੱਚ ਚੰਡੀਗੜ ਵਿਖੇ ਹੋਈ ਮੈਰਾਥਾਨ ਵਿੱਚ ਵੀ ਭਾਗ ਲਿਆ ਸੀ ।ਉਹਨਾਂ ਮਰਚਿੰਡ ਨੇਵੀ ਵਿੱਚ ਵੀ ਬਤੌਰ ਇੰਜਨੀਅਰ ਸੇਵਾਵਾਂ ਨਿਭਾਈਆਂ। ਉਹਨਾਂ ਨੂੰ ਹਾਰਟ ਦੀ ਪ੍ਰੌਬਲਮ ਹੋਣ ਕਰਕੇ ਦੋ ਸਟੰਟ ਵੀ ਪੈ ਚੁੱਕੇ ਹਨ। ਪਰ ਉਹਨਾਂ ਦਿਲ ਦੀ ਬਿਮਾਰੀ ਨੂੰ ਆਪਣੇ ਰਾਹ ਦਾ ਰੋੜਾ ਨਹੀਂ ਬਣਨ ਦਿੱਤਾ ਸਗੋਂ ਹਰਰੋਜ ਸਵੇਰਿਓ ਚਾਰ ਵਜੇ ਉੱਠਕੇ ਕਸਰਤ ਕਰਦੇ ਹਨ 'ਤੇ ਆਪਣੇ ਆਪ ਨੂੰ ਪੂਰਾ ਫਿੱਟ ਰੱਖਿਆ ਹੋਇਆ ਹੈ। ਫਰਿਜ਼ਨੋ ਦਾ ਪੰਜਾਬੀ ਭਾਈਚਾਰਾ ਹਰਭਜਨ ਸਿੰਘ ਰੰਧਾਵਾ ਦੀ ਜਿੱਤ ਤੇ ਮਾਣ ਮਹਿਸੂਸ ਕਰ ਰਿਹਾ ਹੈ ।

# ਕੈਲੀਫੋਰਨੀਆ ਵਿੱਚ ਪੰਜਾਬੀ ਸੀਨੀਅਰ ਚੋਬਰਾਂ ਨੇ ਜਿੱਤੇ ਮੈਡਲ



ਫਰਿਜ਼ਨੋ
ਕੁਲਵੰਤ ਧਾਲੀਆਂ,ਨੀਟਾ ਮਾਛੀਕੇ

ਐਤਵਾਰ 16 ਜੂਨ, 2024 ਨੂੰ ਬੇ ਏਰੀਆ ਵਿਖੇ ਸੀਨੀਅਰਜ਼ ਗੇਮਜ਼ ਹੋਈਆ। ਇਹ ਟ੍ਰੈਕ ਐਂਡ ਫੀਲਡ ਮੀਟ ਸੈਨ ਮਾਟੇਓ, ਕੈਲੀਫੋਰਨੀਆ ਦੇ ਸੈਨ ਮਾਟੇਓ ਸਿਟੀ ਕਾਲਜ ਸਟੇਡੀਅਮ ਵਿੱਚ ਹੋਈਆਂ। ਇਹਨਾਂ ਗੇਮਾਂ ਵਿੱਚ ਫਰਿਜ਼ਨੋ ਅਤੇ ਮਾਨਟੇਕਾ ਤੋਂ 7 ਅਥਲੀਟਾਂ ਨੇ ਵੱਖ-ਵੱਖ ਉਮਰ ਸਮੂਹਾਂ ਅਤੇ ਫੀਲਡ ਅਤੇ ਟਰੈਕ ਈਵੈਂਟਾਂ ਵਿੱਚ ਹਿੱਸਾ ਲਿਆ ਤੇ ਕੁੱਲ 20 ਤਗਮੇ ਜਿੱਤੇ। ਇਸ ਮੀਟ ਵਿੱਚ ਭਾਗ ਲੈਣ ਲਈ ਕੈਲੀਫੋਰਨੀਆ ਰਾਜ ਦੇ ਲਗਭਗ 200 ਐਥਲੀਟ ਪਹੁੰਚੇ ਹੋਏ ਸਨ।

ਫਰਿਜਨੋ ਤੋ ਐਥਲੀਟ ਗੁਰਬਖਸ਼ ਸਿੰਘ ਸਿੱਧੂ ਨੇ ਹੈਮਰ ਥਰੋਅ ਵਿੱਚ ਗੋਲਡ ਮੈਡਲ ਡਿਸਕਸ ਥ੍ਰੋ ਵਿੱਚ ਗੋਲਡ ਗੋਲਡ ਮੈਡਲ ਅਤੇ ਜੈਵਲਿਨ ਥਰੋਅ ਵਿੱਚ ਗੋਲਡ ਮੈਡਲ ਜਿੱਤਿਆ।

ਰਣਧੀਰ ਸਿੰਘ ਵਿਰਕ ਨੇ ਹੈਮਰ ਥਰੋਅ ਵਿੱਚ ਗੋਲਡ ਮੈਡਲ ਅਤੇ ਡਿਸਕਸ਼ਨ ਥਰੋਅ, ਸ਼ਾਟ ਪੁਟ, ਜੈਵਲਿਨ ਥਰੋਅ ਅਤੇ 50 ਮੀਟਰ ਡੈਸ਼ ਰੇਸ ਵਿੱਚ 4 ਚਾਂਦੀ ਦੇ ਤਗਮੇ ਜਿੱਤੇ। ਫਰਿਜ਼ਨੋ ਦੇ ਕਮਲਜੀਤ ਸਿੰਘ ਬੈਨੀਪਾਲ ਨੇ 400 ਮੀਟਰ ਦੌੜ ਵਿੱਚ ਕਾਂਸੀ ਦਾ ਤਗਮਾ ਜਿੱਤਿਆ। ਅਤੇ 800 ਮੀਟਰ ਦੌੜ ਵਿੱਚ ਸੋਨ ਤਗਮਾ ਜਿੱਤਿਆ। ਹਰਦੀਪ ਸਿੰਘ ਸੰਘੇੜਾ ਨੇ 400 ਮੀਟਰ ਵਿੱਚ ਚਾਂਦੀ ਦਾ ਤਗਮਾ ਜਿੱਤਿਆ।ਫਰਿਜ਼ਨੋ ਦੇ ਪਵਿਤਰ ਸਿੰਘ ਕਲੇਰ ਨੇ ਉੱਚੀ ਛਾਲ ਵਿੱਚ ਚਾਂਦੀ ਦਾ ਤਗਮਾ ਜਿੱਤਿਆ। ਮਾਨਟੇਕਾ ਦੇ ਰਜਿੰਦਰ ਸਿੰਘ ਸੇਖੋਂ ਨੇ 400 ਮੀਟਰ ਵਿੱਚ ਗੋਲਡ ਮੈਡਲ ਅਤੇ 800 ਮੀਟਰ ਵਿੱਚ ਗੋਲਡ ਮੈਡਲ ਜਿੱਤਿਆ।ਮਾਨਟੇਕਾ ਦੇ ਦਰਸ਼ਨ ਸਿੰਘ ਨੇ 200 ਮੀਟਰ ਵਿੱਚ ਗੋਲਡ ਮੈਡਲ ਅਤੇ 100 ਮੀਟਰ ਵਿੱਚ ਕਾਂਸੀ ਦਾ ਤਗਮਾ ਜਿੱਤਿਆ।ਇਸ ਤੋਂ ਇਲਾਵਾ ਹਰਦੀਪ ਸਿੰਘ ਸੰਘੇੜਾ, ਕਮਲਜੀਤ ਸਿੰਘ ਬੈਨੀਪਾਲ, ਰਜਿੰਦਰ ਸਿੰਘ ਸੇਖੋਂ ਅਤੇ ਦਰਸ਼ਨ ਸਿੰਘ ਦੀ ਟੀਮ ਨੇ 4ਣ100 ਮੀਟਰ ਰਿਲੇਅ ਦੌੜ ਵਿੱਚ ਚਾਂਦੀ ਦਾ ਤਗਮਾ ਜਿੱਤਿਆ। ਇਹਨਾਂ ਸਾਰੇ ਪੰਜਾਬੀ ਸੀਨੀਅਰ ਚੋਬਰਾਂ ਨੇ ਅਗਲੇ ਸਾਲ ਲਈ ਰਾਸ਼ਟਰੀ ਸੀਨੀਅਰ ਖੇਡਾਂ ਲਈ ਕੁਆਲੀਫਾਈ ਕੀਤਾ ਹੈ। ਇਹਨਾਂ ਨੇ 6 ਗੋਲਡ ਮੈਡਲ , 12 ਸਿਲਵਰ ਮੈਡਲ ਅਤੇ 2 ਕਾਂਸੀ ਦੇ ਮੈਡਲ ਜਿੱਤੇ।

# ਬੇ ਏਰੀਆ ਸੀਨੀਅਰ ਖੇਡਾਂ ਦੇ ਡਾਈਰੈਕਟਰ ਐਨ ਕ੍ਰਿਬਸ ਨਾਲ ਕੈਲੀਫੋਰਨੀਆਂ ਦੇ ਪੰਜਾਬੀ ਐਥਲੀਟਾਂ ਨੇ ਕੀਤੀ ਮੀਟਿੰਗ

ਫਰਿਜ਼ਨੋ
ਕੁਲਵੰਤ ਧਾਲੀਆਂ,ਨੀਟਾ ਮਾਛੀਕੇ




ਕੈਲੀਫੋਰਨੀਆਂ ਦੇ ਸੀਨੀਅਰ ਐਥਲੀਟਾਂ ਨੇ ਬੇ ਏਰੀਆ ਸੀਨੀਅਰ ਖੇਡਾਂ ਦੇ ਡਾਈਰੈਕਟਰ ਐਨ ਕ੍ਰਿਬਸ ਨਾਲ ਲੰਘੇ ਹਫਤੇ ਮੀਟਿੰਗ ਕੀਤੀ, ਇਹ ਮੀਟਿੰਗ ਐਥਲੀਟ ਗੁਰਬਖ਼ਸ਼ ਸਿੰਘ ਸਿੱਧੂ ਦੇ ਯਤਨਾਂ ਨਾਲ ਸੰਭਵ ਹੋਈ। ਇੱਥੇ ਇਹ ਵੀ ਜਿਕਰਯੋਗ ਹੈ ਕਿ ਐਨ ਕ੍ਰਿਬਸ ਤੈਰਾਕੀ ਵਿੱਚ 1960 ਦੀ ਰੋਮ ਓਲੰਪੀਅਨ ਹੈ। ਇਸ ਮੀਟਿੰਗ ਮੌਕੇ ਲਾਈਫ ਟਾਈਮ ਅਚੀਵਮੈਂਟ ਅਵਾਰਡ ਜੇਤੂ ਦਰਸ਼ਨ ਸਿੰਘ ਸੰਧੂ ਬਾਸਕਟਬਾਲ ਕੋਚ ਯੂਨੀਵਰਸਿਟੀ ਪਟਿਆਲ ਵੀ ਮਜੂਦ ਰਹੇ, ਉਹਨਾਂ ਨੇ ਕਾਲਜ ਵਿੱਚ ਬਹੁਤ ਸਾਰੇ ਖਿਡਾਰੀਆਂ ਨੂੰ ਕੋਚ ਕੀਤਾ ਜੋ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਖੇਡੇ।ਕੁਲਵੰਤ ਸਿੰਘ ਲੰਬਰ ਪੰਜਾਬ ਪੁਲਿਸ ਦੇ ਸੇਵਾਮੁਕਤ ਅਫਸਰ ਅਤੇ ਪੰਜਾਬ ਪੁਲਿਸ ਅਤੇ ਭਾਰਤੀ ਰਾਸ਼ਟਰੀ ਟੀਮ ਦੇ ਮਹਾਨ ਬਾਸਕਟਬਾਲ ਖਿਡਾਰੀ ਹਨ ਵੀ ਇਸ ਮੌਕੇ ਮਜੂਦ ਰਹੇ। ਇਸ ਗੱਲਬਾਤ ਦਾ ਹਿੱਸਾ ਡਾ: ਸਤਿੰਦਰਪਾਲ ਸਿੰਘ ਸੰਘਾ ਪੀ.ਐੱਚ.ਡੀ ਪੀ.ਏ.ਯੂ ਪਸ਼ੂ ਪਾਲਣ ਯੂਨੀਵਰਸਿਟੀ ਲੁਧਿਆਣਾ ਵੀ ਰਹੇ। ਉਹ ਡੀਨ ਵਜੋਂ ਸੇਵਾਮੁਕਤ ਹੋਏ ਹਨ ਜੋ ਵਰਤਮਾਨ ਵਿੱਚ ਅਮਰੀਕਾ ਦਾ ਦੌਰਾ ਕਰ ਰਹੇ ਹਨ ।ਸਾਰੇ ਪਤਵੰਤੇ ਸੱਜਣਾਂ ਨਾਲ ਐਨ ਕ੍ਰਿਬਸ ਨੇ ਬਹੁਤ ਵਧੀਆ ਮਹੌਲ ਵਿੱਚ ਬਹੁਤ ਵਧੀਆ ਗੱਲਬਾਤ ਕੀਤੀ। ਐਨ ਕ੍ਰਿਬਸ ਚੰਗੀ ਐਥਲੀਟ ਹੋਣ ਦੇ ਨਾਲ ਨਾਲ ਇਨਸਾਨੀ ਗੁਣਾਂ ਨਾਲ ਭਰਪੂਰ ਜਿੰਦਾਦਿਲ ਖੇਡ ਡਾਈਰੈਕਟਰ ਹੈ, ਜਿਸਨੂੰ ਐਥਲੀਟ ਗੁਰਬਖ਼ਸ਼ ਸਿੰਘ 2016 ਤੋਂ ਜਾਣਦੇ ਹਨ।

# ਪਲੇਸਮੈਂਟ ਕੈਂਪ ਲਗਾਇਆ ਜਾਵੇਗਾ 19 ਜੂਨ 2024 ਨੂੰ


ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਜਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਅੰਮ੍ਰਿਤਸਰ ਵਿਖੇ ਮਿਤੀ 19 ਜੂਨ 2024 ਨੂੰ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।

ਇਸ ਕੈਂਪ ਦੀ ਜਾਣਕਾਰੀ ਦਿੰਦੇ ਹੋਏ ਡਿਪਟੀ ਡਾਇਰੈਕਟਰ ਨੀਲਮ ਮਹੇ ਅੰਮ੍ਰਿਤਸਰ ਨੇ ਦੱਸਿਆ ਕਿ ਮਿਤੀ 19 ਜੂਨ 2024 ਦਿਨ ਬੁੱਧਵਾਰ ਨੂੰ ਰੋਜਗਾਰ ਕੈਂਪ ਵਿੱਚ ਕੇਅਰ ਹੈਲਥ ਇੰਸ਼ੋਰੈਂਸ, ਐਲ.ਆਈ.ਸੀ ਆਫ ਇੰਡੀਆ, ਮੁਥੂਤ ਫਾਈਨਾਂਸ ਲਿਮਿਟਿਡ ਅਤੇ ਈ ਬੇ ਵਰਗੀਆਂ ਕੰਪਨੀਆਂ ਵੱਲੋਂ ਭਾਗ ਲਿਆ ਜਾਣਾ ਹੈ।

ਇਹਨਾਂ ਸਾਰੀਆ ਕੰਪਨੀਆ ਵੱਲੋ ਯੂਨਿਟ ਮੈਨੇਜਰ, ਏਜੰਸੀ ਮੈਨੇਜਰ, ਬ੍ਰਾਂਚ ਹੈਡ, ਕਸਟਮਰ ਕੇਅਰ ਐਗਜੇਕਟਿਵ, ਵੈਬ ਡਵਲਪਰ, ਡਾਟਾ ਐਂਟਰੀ ਆਪਰੇਟਰ, ਅਕਾਊਂਟੈਂਟ, ਹੈਲਪਰ ਆਦਿ ਅਸਾਮੀਆਂ ਲਈ ਚੋਣ ਕੀਤੀ ਜਾਵੇਗੀ। ਇਹਨਾਂ ਕੰਪਨੀਆਂ ਵੱਲੋਂ 10000/- ਤੋਂ 35000/- ਪ੍ਰਤੀ ਮਹੀਨਾਂ ਤਨਖਾਹ ਦਿੱਤੀ ਜਾਵੇਗੀ। ਰੋਜਗਾਰ ਕੈਂਪ ਦਾ ਸਮਾਂ 9:30 ਤੋਂ ਸ਼ੁਰੂ ਹੋਵੇਗਾ।

ਰੋਜਗਾਰ ਉੱਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਨਰੇਸ਼ ਕੁਮਾਰ ਨੇ ਦੱਸਿਆ ਕਿ ਸਵੈ-ਰੋਜਗਾਰ ਸਬੰਧੀ ਜਾਣਕਾਰੀ ਲਈ ਇਸ ਦਫਤਰ ਵਿੱਚ ਕਿਸੇ ਵੀ ਕੰਮ ਵਾਲੇ ਦਿਨ ਵਿਜਿਟ ਕੀਤਾ ਜਾ ਸਕਦਾ ਹੈ। ਉਹਨਾਂ ਦੱਸਿਆ ਕਿ ਹੋਰ ਵਧੇਰੇ ਜਾਣਕਾਰੀ ਲਈ ਦਫਤਰ ਦੇ ਟੈਲੀਗ੍ਰਾਮ ਪੇਜ ਨਾਲ ਜੁੜੋ ਜਾ ਦਫਤਰ ਦੇ ਮੋਬਾਇਲ ਨੰਬਰ 9915789068 ਤੇ ਸੰਪਰਕ ਕਰੋ।


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330





RE/MAX®
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ® CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED




ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ

ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ

Our Locations :-

Delhi | Merced | Madera | Santa Nella
Tracy | San Fransisco | Corning

Old Truck Stop Gemco Ripon Next to Flying J, Santos Ave ਦੇ ਉੱਤੇ



Find nearest Location & Hours

Call at 1800-405-9274 or visit our website for
credit application to open credit account with our company

ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ
ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ

Tire Shop, Repair Shop, Oil & Lube Shop available on our locations

Website:- www.aaatruckwash.com


WE HAVE THE CHEAPEST FARES TO INDIA
LEGEND TRAVEL
arc accredited agency
CST # 207524-40
Special Fares To India From West-coast (us) On Air India Direct Flights
AIR INDIA
JATINDER SINGH
LOWEST AIRFARES FROM USA TO INDIA
★Travel Insurance ★ Great last Minute Deals ★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108,
FREMONT CA 94536 PH.: 510-797-9010
Website: www.legendamerica.net
Emirates
CATHAY PACIFIC
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA

# ਘਰ ਅੰਦਰ ਜਬਰੀ ਦਾਖਿਲ ਹੋ ਕੇ ਮਾਰ ਕੁਟਾਈ ਕਰਨ ਅਤੇ ਘਰ ਦੀ ਤੋੜਭੰਨ ਕਰਨ ’ਤੇ ਦੋਸ਼ੀਆ ਖ਼ਿਲਾਫ਼ ਕਾਨੂੰਨੀ ਕਾਰਵਾਈ ਦੀ ਮੰਗ


ਬਿਆਸ
ਬਲਰਾਜ ਰਾਜਾ

ਬੀਤੇ ਇਨੀ ਰਈਆ ਦੇ ਦੁਕਾਨਦਾਰਾ ਦੇ ਘਰ ਅੰਦਰ ਜਬਰੀ ਦਾਖਿ਼ਲ ਹੋ ਕੇ ਘਰ ਦੀ ਭੰਨ ਤੋੜ ਕਰਨ ਅਤੇ ਰਾਜਨੀਤਿਕ ਦਬਾਅ ਹੇਠ ਇੱਕ ਨੌਜਵਾਨ ਨੂੰ ਨਜਾਇਜ ਪੁਲਿਸ ਰਿਹਾਸਤ ਵਿੱਚ ਰੱਖਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ ।

ਪ੍ਰੈਸ ਕਾਰਨਫਰੌਸ ਦੌਰਾਨ ਮਹਿੰਦਰ ਸਿੰਘ ਪੁੱਤਰ ਬਚਨ ਸਿੰਘ ਵਾਸੀ ਰਈਆ ਕਲੋਨੀ ਡੁੱਬਗੜ ਨੇ ਦੱਸਿਆ ਕਿ ਉਹ ਮਜ਼ਬੀ ਸਿੱਖ ਜਾਤੀ ਨਾਲ ਸਬੰਧਿਤ ਹਾ ਅਤੇ ਉਹ ਦੋਵੇ ਪਿਓ-ਪੁੱਤਰ ਰਈਆ ਵਿੱਚ ਹੀ ਕੱਟਿੰਗ ਦੀ ਦੁਕਾਨ ਕਰਦੇ ਹਨ ।ਹੁਣੇ ਹੋਈਆ ਲੋਕਾ ਸਭਾ ਚੋਣਾ ਵਿੱਚ ਅਜੀਤ ਸਿੰਘ ਮਾਹਲਾ ਨੂੰ ਵੋਟਾ ਨਾ ਪਾਉਣ ਦੀ ਰੰਜਸਬਾਜੀ ਕਾਰਨ ਮਿਤੀ 15-6-2024 ਦੀ ਰਾਤ ਕਰੀਬ 1 ਕੁ ਵਜੇ ਅਜੀਤ ਸਿੰਘ ਮਾਹਲਾ , ਬਿੱਟੂ , ਰਾਜੂ ਅਤੇ ਮਾਲੂਕ ਸਿੰਘ ਚਾਰੋ ਪੁੱਤਰਾਨ ਅਜੈਬ ਸਿੰਘ ,ਅਮਨਪ੍ਰੀਤ ਕੌਰ ਪਤਨੀ ਅਜੀਤ ਸਿੰਘ ਮਾਹਲਾ , ਅਨਮੋਲ ਸਿੰਘ ਪੁੱਤਰ ਅਜੀਤ ਸਿੰਘ ਮਾਹਲਾ, ਦਿਲਬਾਗ ਸਿੰਘ ਉਰਫ ਬਾਗਾ ਪੁੱਤਰ ਤਰਲੋਕ ਸਿੰਘ ,ਸੁਖਰਾਜ ਸਿੰਘ ਪੁੱਤਰ ਮਲੂਕ ਸਿੰਘ, ਪਰਮਜੀਤ ਸਿੰਘ ਉਰਫ ਪੰਮਾ ਪੁੱਤਰ ਕਸ਼ਮੀਰ ਸਿੰਘ ਅਤੇ ਕੁਲਵਿੰਦਰ ਕੌਰ ਪਤਨੀ ਪਰਮਜੀਤ ਸਿੰਘ ਪੰਮਾ ਸਾਰੇ ਵਾਸੀਆਨ ਡੁੱਬਗੜ ਕਲੋਨੀ ਨੇ ਉਸ ਦੇ ਘਰ ਅੰਦਰੀ ਜਬਰੀ ਵੜ ਕੇ ਮੇਰੇ ਲੜਕੇ ਪਾਰਸਦੀਪ ਸਿੰਘ ਦੀ ਮਾਰ ਕੁਟਾਈ ਕੀਤੀ ਅਤੇ ਘਰ ਦੀ ਤੋੜਭੰਨ ਕੀਤੀ ਅਤੇ ਮੇਰੀ ਕਮੀਜ ਵੀ ਪਾੜ ਦਿੱਤੀ ।ਇੰਨਾ ਨੇ ਸਾਨੂੰ ਜਾਨੋ ਮਾਰਨ ਦੀਆ ਧਮਕੀਆ ਵੀ ਦਿੱਤੀਆ ।ਇਸ ਘਟਨਾ ਸਬੰਧੀ ਮੇਰੀ ਲੜਕੀ ਨੇ ਪੰਜਾਬ ਪੁਲਿਸ ਦੇ ਹੈਲਪ ਲਾਇਨ ਨੰਬਰ 112 ਤੇ ਸ਼ਕਾਇਤ ਕੀਤੀ ਤਾ ਪੁਲਿਸ ਚੋਕੀ ਰਈਆ ਤੋ ਉਕਤ ਗੁਰਮੀਤ ਸਿੰਘ ਅਤੇ ਇੱਕ ਹੋਰ ਪੁਲਿਸ ਮੁਲਾਜਿਮ ਮੌਕੇ ਤੇ ਪਹੁੰਚ ਗਏ ਜਿੰਨ੍ਹਾ ਨੇ ਸਾਰਾ ਮੌਕਾ ਵੇਖਿਆ ।ਪਰ ਰਾਜਨੀਤਿਕ ਦਬਾਅ ਪੁਲਿਸ ਮੇਰੇ ਲੜਕੇ ਨੂੰ ਪੁਲਿਸ ਥਾਣਾ ਬਿਆਸ ਲੈ ਗਏ ਅਤੇ ਮੇਰੇ ਲੜਕੇ ਨੂੰ ਨਜਾਇਜ ਇੱਕ ਦਿਨ ਅਤੇ ਦੋ ਰਾਤਾ ਨਜਾਇਜ ਪੁਲਿਸ ਰਿਹਾਸਤ ਵਿੱਚ ਰੱਖਿਆ ।ਜਿਸ ਬਾਰੇ ਵੀ ਮੇਰੀ ਲੜਕੀ ਨੇ ਪੰਜਾਬ ਪੁਲਿਸ ਦੇ ਹੈਲਪ ਲਾਇਨ ਈਮੇਲ , ਐਸ.ਐਸ.ਪੀ ਅੰਮ੍ਰਿਤਸਰ ਦਿਹਾਤੀ ਅਤੇ ਡੀ.ਜੀ.ਪੀ ਪੰਜਾਬ ਦੇ ਈਮੇਲ ਨੰਬਰ ਤੇ ਸ਼ਕਾਇਤ ਭੇਜੀ।

ਪਰ ਦੋਸ਼ੀਆ ਖਿ਼ਲਾਫ ਕਾਨੂੰਨੀ ਕਾਰਵਾਈ ਕਰਨ ਦੀ ਬਜਾਏ ਪੁਲਿਸ ਕਰਮਚਾਰੀ ਰਾਜਨੀਤਿਕ ਦਬਾਅ ਹੇਠ ਸਾਡੇ ਤੇ ਰਾਜੀਨਾਵਾ ਕਰਨ ਲਈ ਦਬਾਅ ਪਾਉਣ ਲੱਗ ਪਏ ਅਤੇ ਇੰਨ੍ਹਾ ਨੇ ਮੇਰੇ ਲੜਕੇ ਨੂੰ ਬੇਇਜਤ ਕਰਨ ਦੇ ਇਰਾਦੇ ਨਾਲ ਹੱਥਘੜੀ ਲਗਾ ਕੇ ਪੂਰੀ ਕਲੋਨੀ ਵਿੱਚ ਘੁਮਾਇਆ।

ਪੁਲਿਸ ਮੁਲਾਜਿਮਾ ਨੇ ਅਜੀਤ ਸਿੰਘ ਮਾਹਲਾ ਦੇ ਘਰ ਬਿਠਾ ਕੇ ਉਸ ਨੂੰ ਮਾਰਕੁਟਾਈ ਕੀਤੀ ਅਤੇ ਕੁਝ ਖਾਲੀ ਕਾਗਜਾਤ ਤੇ ਉਸ ਦੇ ਦਸਤਖਤ ਵੀ ਕਰਵਾ ਲਏ ।ਇਸ ਦੌਰਾਨ ਹੀ ਅਜੀਤ ਸਿੰਘ ਮਾਹਲਾ ਨੇ ਆਪਣੇ ਸਾਥੀਆ ਨਾਲ ਮਿ਼ਲੀਭੁਗਤ ਕਰਕੇ ਇੱਕ ਮਨਘੜਤ ਕਹਾਣੀ ਬਣਾਕੇ ਸ਼ੋਸ਼ਲ ਮੀਡੀਆ ਤੇ ਫਲਾਅ ਦਿੱਤਾ । ਪੁਲਿਸ ਨੇ ਅਜੀਤ ਸਿੰਘ ਮਾਹਲਾ ਅਤੇ ਇਸ ਦੇ ਸਾਥੀਆ ਦੀ ਝੂਠੀ ਦਰਖਾਸਤ ਤੇ ਮੇਰੇ ਲੜਕੇ ਨੂੰ ਮਿਤੀ 15-6-2024 ਤੋ ਰਾਤ 1-45 ਤੋ ਮਿਤੀ 16-6-2024 ਦੀ ਰਾਤ ਕਰੀਬ 9-15 ਤੱਕ ਨਜਾਇਜ ਪੁਲਿਸ ਰਿਹਾਸਤ ਵਿੱਚ ਰੱਖਿਆ ਹੈ ਅਤੇ ਉਸ ਦੇ ਮੋਲਿਕ ਅਧਿਕਾਰਾ ਦੀ ਉਲੰਘਣਾ ਕੀਤੀ ਹੈ ਪੀੜਤ ਪਰੀਵਾਰ ਨੇ ਦੱਸਿਆ ਕਿ ਉਹ ਅਨੁਸੂਚਿਤ ਜਾਤੀ ਨਾਲ ਸਬੰਧ ਰੱਖਦੇ ਹਨ ਅਤੇ ਦੁਕਾਨਦਾਰ ਹਨ।



ਪ੍ਰੈਸ ਦੌਰਾਨ ਪੀੜਤ ਪਰੀਵਾਰ ਨੇ ਦੱਸਿਆ ਕਿ ਉਨ੍ਹਾ ਨੇ ਮਾਣਯੋਗ ਚੇਅਰਮੈਨ ਮਨੁੱਖੀ ਅਧਿਕਾਰ ਕਮਿਸ਼ਨ ਪੰਜਾਬ ਰਾਜ ਚੰਡੀਗੜ , ਮੁੱਖ ਮੰਤਰੀ ਪੰਜਾਬ , ਡੀ.ਜੀ.ਪੀ , ਐਸ.ਐਸ.ਪੀ ਅੰਮ੍ਰਿਤਸਰ ਦਿਹਾਤੀ ਨੂੰ ਲਿਖਤੀ ਦਰਖਾਸਤਾ ਭੇਜ ਕੇ ਪੁਲਿਸ ਥਾਣਾ ਬਿਆਸ ਵਿੱਚ ਲੱਗੇ ਸੀ.ਸੀ.ਟੀ.ਵੀ ਕੈਮਰਿਆ ਦੀ ਮਿਤੀ 15-6-2024 ਤੋ ਰਾਤ 1-45 ਤੋ ਮਿਤੀ 16-6-2024 ਦੀ ਰਾਤ ਕਰੀਬ 9-15 ਤੱਕ ਦੀ ਸੀ.ਸੀ.ਟੀ.ਵੀ ਫੁੱਟਜ ਅਤੇ ਪੁਲਿਸ ਕਰਮਚਾਰੀਆ ਦੇ ਮੁਬਾਇਲ ਫੋਨਾ ਦੀ ਟਾਵਰ ਲੁਕੇਸ਼ਨ ਅਤੇ ਫੋਨ ਕਾਲਾ ਵਗੈਰਾ ਦੀ ਡੀਟੇਲ ਕਬਜੇ ਵਿੱਚ ਲੈ ਕੇ ਪੜਤਾਲ ਕਰਨ ਅਤੇ ਦੋਸ਼ੀਆ ਦੋਸ਼ੀਆ ਖਿ਼ਲਾਫ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ।

# ਭਾਰਤੀਯ ਪੋਸਟਲ ਇੰਪਲਾਈਜ਼ ਐਸੋਸੀਏਸ਼ਨ ਗਰੁੱਪ-ਸੀ ਨੂੰ ਸਰਕਲ ਹੈਡ ਕੁਆਟਰ ਅੰਮ੍ਰਿਤਸਰ ਵਿੱਚ ਜੀ.ਪੀ.ਓ ਕੰਪਲੈਕਸ ਵਿੱਚ ਮਿਲੇ ਨਵੇਂ ਕਮਰੇ ਦਾ ਹੋਇਆ ਮਹੂਰਤ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਭਾਰਤੀਯ ਪੋਸਟਲ ਇੰਪਲਾਈਜ਼ ਐਸੋਸੀਏਸ਼ਨ ਗਰੁੱਪ-ਸੀ ਦੀ 15 ਜੂਨ ਸਰਕਲ ਵਰਕਿੰਗ ਕਮੇਟੀ ਦੀ ਮੀਟਿੰਗ ਜਰਨਲ ਪੋਸਟ ਆਫਿਸ ਵਿੱਖੇ ਹੋਈ. ਇਸ ਮੀਟਿੰਗ ਵਿੱਚ ਪੰਜਾਬ ਸਰਕਲ ਦੇ ਸਮੂਹ ਅਹੁਦੇਦਾਰਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ.



ਮੀਟਿੰਗ ਤੋਂ ਅਗਲੇ ਦਿਨ 16 ਜੂਨ ਨੂੰ ਭਾਰਤੀਯ ਪੋਸਟਲ ਇੰਪਲਾਈਜ਼ ਐਸੋਸੀਏਸ਼ਨ ਗਰੁੱਪ-ਸੀ ਨੂੰ ਜਰਨਲ ਪੋਸਟ ਆਫਿਸ ਕੰਪਲੈਕਸ ਵਿੱਚ ਮਿਲੇ ਨਵੇ ਯੂਨੀਅਨ ਆਫਿਸ ਦਾ ਮਹੂਰਤ ਪਰਵੀਨ ਪ੍ਰਸੂਨ ਸੀਨੀਅਰ ਸੁਪਰਡੈਂਟ ਪੋਸਟ ਆਫਿਸ ਅੰਮ੍ਰਿਤਸਰ, ਹਰਵੰਤ ਸਿੰਘ ਆਫਿਸ ਸੁਪਰਵਾਇਜ਼ਰ, ਅਨੰਤ ਪਾਲਸੈਕਟਰੀ ਜਰਨਲ ਭਾਰਤੀਯ ਪੋਸਟਲ ਇੰਪਲਾਈਜ਼ ਫੈਡਰੇਸ਼ਨ, ਸੰਤੋਸ਼ ਕੁਮਾਰ ਸਿੰਘ ਸੈਕਟਰੀ ਨੇ ਅਪਣੇ ਕਰ ਕਮਲਾਂ ਨਾਲ ਕੀਤਾ।

ਅਪਣੇ ਸੰਬੋਧਨ ਵਿੱਚ ਭਾਰਤੀਯ ਪੋਸਟਲ ਫੈਡਰੇਸ਼ਨ ਦੇ ਸੈਕਟਰੀ ਜਰਨਲ ਅਨੰਤ ਪਾਲ, ਸੰਤੋਸ਼ ਕੁਮਾਰ ਸਿੰਘ ਨੇ ਦੱਸਿਆ ਕਿ ਭਾਰਤੀਯ ਮਜ਼ਦੂਰ ਸੰਘ ਨਾਲ ਸੰਬਧਤ ਭਾਰਤੀਯ ਪੋਸਟਲ ਇੰਪਲਾਈਜ਼ ਫੈਡਰੇਸ਼ਨ ਇਸ ਸਮੇਂ ਦੇਸ਼ ਦੀ ਨੰਬਰ ਇਕ ਪੋਸਟਲ ਯੂਨੀਅਨ ਬਣ ਕੇ ਉੱਭਰ ਰਹੀ ਹੈ।

ਇਸ ਮੌਕੇ ਤੇ ਪੰਜਾਬ ਦੇ ਸਰਕਲ ਸੈਕਟਰੀ ਵਿਜੇ ਕੁਮਾਰ ਨੇ ਅਪਣੇ ਸੰਬੋਧਨ ਵਿੱਚ ਭਾਰਤੀਯ ਯੂਨੀਅਨ ਦੀ ਕੇਂਦਰ ਦੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਾਰਤੀਯ ਯੂਨੀਅਨ ਗਰੁੱਪ- ਸੀ ਪੰਜਾਬ ਸਰਕਲ ਨੂੰ ਹੈਡ ਕੁਆਟਰ ਅੰਮ੍ਰਿਤਸਰ ਵਿੱਚ ਯੂਨੀਅਨ ਨੂੰ ਕਮਰਾ ਅਲਾਟ ਕਰਵਾਉਣ ਵਿੱਚ ਬਹੁਤ ਵੱਡਾ ਯੋਗਦਾਨ ਰਿਹਾ ਹੈ .

ਮਹੂਰਤ ਦੇ ਸਮੇਂ ਇਸ ਹੋਈ ਇਸ ਵਿਸ਼ਾਲ ਮੀਟਿੰਗ ਨੂੰ ਗੁਰਪ੍ਰੀਤ ਸਿੰਘ ਭਾਟੀਆ ਵਾਇਸ ਪ੍ਰਧਾਨ ਫੈਡਰੇਸ਼ਨ ਨਵੀਂ ਦਿੱਲੀ, ਮਨਜੀਤ ਸਿੰਘ ਸੈਕਟਰੀ ਰਿਟਾਇਰਡ ਐਸੋਸੀਏਸ਼ਨ, ਮਨਪ੍ਰੀਤ ਸਿੰਘ ਸਰਕਲ ਪ੍ਰਧਾਨ, ਭੁਪਿੰਦਰ ਸਿੰਘ ਡਿਵੀਜਨ ਸੈਕਟਰੀ ਅੰਮ੍ਰਿਤਸਰ, ਆਦਿ ਨੇ ਵੀ ਸੰਬੋਧਨ ਕੀਤਾ।ਇਸ ਵਿਸ਼ਾਲ ਮੀਟਿੰਗ ਵਿੱਚ ਪ੍ਰਮੁੱਖ ਤੌਰ ਸੀਨੀਅਰ ਪੋਸਟ ਮਾਸਟਰ ਅਮਰਜੀਤ ਸਿੰਘ ਵੈਦ, ਮਨਿੰਦਰ ਸਿੰਘ, ਗੁਰਮੀਤ ਸਿੰਘ, ਬਲਦੇਵ ਸਿੰਘ, ਸਰਬਜੀਤ ਸਿੰਘ, ਰਾਕੇਸ਼ ਕੁਮਾਰ, ਨਰੇਸ਼ ਕੁਮਾਰ ਸਿੰਘ, ਗੁਲਬਾਘ ਸਿੰਘ, ਰਾਮ ਸਿੰਘ, ਸੁਨੀਲ ਕੁਮਾਰ, ਕਮਲਜੀਤ ਸਿੰਘ ਗੁਰਦਾਸਪੁਰ, ਮਨਪ੍ਰੀਤ ਸਿੰਘ ਸੰਗਰੂਰ, ਜਗਪ੍ਰੀਤ ਸਿੰਘ, ਕੁਲਦੀਪ ਸਿੰਘ ਉੱਪਲ ਲੁਧਿਆਣਾ, ਜੀ.ਡੀ ਵਰਮਾ ਚੰਡੀਗੜ੍ਹ, ਜਸਵਿੰਦਰ ਫ਼ਰੀਦਕੋਟ, ਵਿਪਨ ਕੁਮਾਰ, ਮੋਹਿੰਦਰ ਸਿੰਘ ਸੰਗਰੂਰ, ਰਜਨੀ ਗੁਪਤਾ, ਕੋਮਲਦੀਪ ਕੌਰ, ਮੈਡਮ ਨਿਧੀ , ਮਨੁ ਸ਼ਰਮਾ , ਡਿੰਪਲ ਖਾਲਸਾ, ਮੰਗਤ ਰਾਏ ਫਿਰੋਜ਼ਪੁਰ, ਬਲਵਿੰਦਰ ਸਿੰਘ, ਜਰਨੈਲ ਸਿੰਘ ਭੁੱਲਰ , ਪਵਨ ਕੁਮਾਰ, ਨਿਤੀਸ਼ ਕੁਮਾਰ , ਪਰਮਜੀਤ ਰਾਏ ਤੋਂ ਇਲਾਵਾ ਹੋਰ ਵੀ ਸੈਂਕੜੇ ਵਰਕਰਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।

**ਕਿਸੇ ਨੂੰ ਉਜਾੜ ਕੇ ਜੇ ਵਸਿਆ ਤਾਂ ਕੀ ਵਸਿਆ,**
**ਕਿਸੇ ਨੂੰ ਰਵਾ ਕੇ ਜੇ ਹੱਸਿਆ ਤਾਂ ਕੀ ਹੱਸਿਆ।**



ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com



ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।


ARES
LENDING
Residential | Commercial | Investment
ਆਪਣਾ ਘਰ Re-Finance ਜਾਂ ਖ਼ਰੀਦਣਾ
Business ਲੈਣਾ ਜਾਂ Re-Finance ਕਰਨਾ, Working Capital ਲੈਣਾ ਹੈ
ਤਾਂ ARES LANDING Assist ਕਰ ਸਕਦੀ ਹੈ :
SBA Loan
SBA LOAN
FHA Loan
FHA LOAN
CONVENTIONAL LOAN
CONVENTIONAL LOAN
Commercial Loan
PRIVATE LOAN
PRIVATE LOAN
VA HOME LOANS
VA LOAN
ਜੇਕਰ ਤੁਸੀਂ Veteran ਹੋ America ਦੇ ਤਾਂ
ਤੁਹਾਨੂੰ 100% Financing Veteran ਦਾ ਆਪਾ ਦਵਾ ਸਕਦੇ ਹਾਂ
Contact (TONY SINGH ) For More INFO at : (916) 519-7009
DRE#: 01901843 | NMLS: 823070 | DRE# 02188764 | NMLS# 2402240
TRS LDA SERVICES COMPANY
DRE# 02188764 | LDA# 2022-001
Loan ਲੈਣ ਵਿੱਚ ਆਉਂਦੀ ਹੋਵੇ ਮੁਸ਼ਕਿਲ ਤਾਂ TRS LDA SERVICES COMPANY
ਕੋਲ ਹੈ Credit Repair ਦਾ ਹਰ ਹੱਲ
Credit ਠੀਕ ਕਰਵਾਉਣਾ ਹੋਵੇ | Credit ਤੇ Negative Items ਹੋਣ | ਜ਼ਿਆਦਾ Enquiries ਹੋਣ
ਤੁਹਾਡਾ LOAN ਪਾਸ ਨਾ ਹੁੰਦਾ ਹੋਵੇ, ਤਾਂ ਅਸੀਂ ਤੁਹਾਡਾ Credit FIX ਕਰਨ ਵਿੱਚ ਮਦਦ ਕਰਦੇ ਹਾਂ
ਤੁਹਾਡਾ Score ਘੱਟ ਹੈ ਤਾਂ ਸਾਡੀ Company Credit Repair ਵੀ ਕਰਦੀ ਹੈ
ਜਾਣਕਾਰੀ ਲਈ ਕਾਲ ਕਰੋ : Credit Analyst : Fatima Fierros : (916) 829-4200

# ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION

*Where Hope Meets*

# IMMIGRATION OPPORTUNITIES

**USA SERVICES :**

- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

**INDIAN SERVICES :**

- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

**WE CAN HELP YOU WORK AND SETTLE IN COUNTRIES WORLDWIDE ALSO**

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

**Gillson**
TRUCKING INC



# NOW Hiring
# Truck Drivers
# Class A CDL

- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight

## Skills:

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

## Responsibilities:

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

## Pay:

- Between **$80,000.00 - $120,000.00** per year
- Average pay: $**0.50- $0.60** cents/mile
- Weekly direct deposits
- Bonuses for clean inspections
- High mileage bonuses

## Newer Equipment:

Freightliner and Volvo 2020 and present
Reset pay away from Terminals- Stockton, CA and Dayton, Ohio

- Flexible Home Time
- Pet Friendly
- Rider Policy

## Health Benefits:

Health Dental Vision



## Where to Apply

It's on our website the link under apply now. Please copy it here and then we would to have all.

**Apply Here:**

https://intelliapp.driverapponline.com/c/gillson?uri_b=ia_gillson_2058382794

## Contact:

1801 E Dr. Martin Luther King Jr. Blvd, Stockton, CA 95205

925-400-9094 | ext.116, ext.130 and ext.144

info@teamgillson.com

## Get in Touch:

gillsontrucking
gillsontrucking
company/gillsontrucking
www.teamgillson.com

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਚੋਣਾਂ ਲਈ ਵੋਟਰ ਸੂਚੀ ਦਾ ਰਿਵਾਇਜ਼ਡ ਸ਼ਡਿਊਲ ਜਾਰੀ

ਮਾਨਸਾ
ਸਾਂਝੀ ਸੋਚ ਬਿਊਰੋ

ਚੀਫ ਕਮਿਸ਼ਨਰ ਗੁਰਦੁਆਰਾ ਚੋਣਾਂ ਪੰਜਾਬ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਚੋਣਾਂ ਲਈ ਵੋਟਰ ਸੂਚੀ ਦੀ ਤਿਆਰੀ ਦਾ ਸ਼ਡਿਊਲ ਜਾਰੀ ਕੀਤਾ ਗਿਆ ਸੀ। ਹੁਣ ਕਮਿਸ਼ਨਰ ਗੁਰਦੁਆਰਾ ਚੋਣਾਂ ਵੱਲੋਂ ਪਹਿਲਾ ਜਾਰੀ ਸ਼ਡਿਊਲ ਵਿੱਚ ਸੋਧ ਕਰਦੇ ਹੋਏ ਰਿਵਾਇਜ਼ਡ ਸ਼ਡਿਊਲ ਜਾਰੀ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮਾਨਸਾ ਪਰਮਵੀਰ ਸਿੰਘ ਨੇ ਦੱਸਿਆ ਕਿ ਪਹਿਲਾਂ ਜਾਰੀ ਸ਼ਡਿਊਲ ਅਨੁਸਾਰ ਵੋਟਰ ਸੂਚੀ ਵਿੱਚ ਰਜਿਸਟਰੇਸ਼ਨ ਲਈ ਫਾਰਮ 21 ਅਕਤੂਬਰ 2023 ਤੋਂ ਸ਼ੁਰੂ ਹੋ ਕੇ 30 ਅਪ੍ਰੈਲ 2024 ਤੱਕ ਪ੍ਰਾਪਤ ਕੀਤੇ ਜਾਣੇ ਸਨ ਪਰੰਤੂ ਹੁਣ ਰਿਵਾਈਜਡ ਸ਼ਡਿਊਲ ਅਨੁਸਾਰ ਫਾਰਮ ਪ੍ਰਾਪਤ ਕਰਨ ਦੀ ਆਖਿਰੀ ਮਿਤੀ ਵਿੱਚ ਵਾਧਾ ਕਰਕੇ 31 ਜੁਲਾਈ 2024 ਤੱਕ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਉਪਰੰਤ ਰਿਵਾਈਜ਼ਡ ਸ਼ਡਿਊਲ ਅਨੁਸਾਰ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ 21 ਅਗਸਤ 2024 ਨੂੰ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਮੁੱਢਲੀ ਪ੍ਰਕਾਸ਼ਿਤ ਵੋਟਰ ਸੂਚੀ ਤੇ ਦਾਅਵੇ ਅਤੇ ਇਤਰਾਜ਼ 11 ਸਤੰਬਰ 2024 ਤੱਕ ਪ੍ਰਾਪਤ ਕੀਤੇ ਜਾਣਗੇ ਅਤੇ ਇਹਨਾ ਦਾ ਨਿਪਟਾਰਾ 20 ਸਤੰਬਰ 2024 ਤੱਕ ਕੀਤਾ ਜਾਵੇਗਾ, ਇਸ ਉਪਰੰਤ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ 05 ਅਕਤੂਬਰ 2024 ਨੂੰ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜਿਹੜੇ ਕਿਨੈਕਾਰ ਸਿੱਖ ਗੁਰਦੁਆਰਾ ਬੋਰਡ ਰੂਲਜ਼ 1959 ਦੇ ਰੂਲ ਨੰਬਰ 3 ਅਧੀਨ ਸਾਰੀ ਸ਼ਰਤਾ ਪੂਰੀਆਂ ਕਰਦੇ ਹਨ ਉਹ ਵਿਅਕਤੀ ਹੀ ਫਾਰਮ ਨੰਬਰ 1 ਭਰ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਫਾਰਮ ਭਰਨ ਸਮੇਂ ਜਰੂਰੀ ਹਦਾਇਤਾਂ ਦਾ ਖਾਸ ਧਿਆਨ ਰੱਖਿਆ ਜਾਵੇ। ਕਿਨੈਕਾਰ ਮਿਤੀ 21 ਅਕਤੂਬਰ 2023 ਨੂੰ 21 ਸਾਲ ਜਾਂ ਉਸਤੋਂ ਵੱਧ ਉਮਰ ਪੂਰੀ ਕਰਦਾ ਹੋਵੇ, ਕਿਨੈਕਾਰ ਆਪਣੀ ਤਾਜ਼ਾ ਸਵੈ-ਤਸਦੀਕਸ਼ੁਦਾ ਫੋਟੋ ਨਾਲ ਨੱਥੀ ਕਰੇਗਾ, ਫਾਰਮ ਨੰਬਰ 1 ਵਿੱਚ ਦਰਜ਼ ਸਵੈ ਘੋਸ਼ਣਾ ਭਰਨੀ ਲਾਜ਼ਮੀ ਹੈ ਅਤੇ ਆਧਾਰ ਕਾਰਡ, ਈਸੀਆਈ ਵੱਲੋਂ ਜਾਰੀ ਵੋਟਰ ਆਈਡੀ ਕਾਰਡ, ਭਾਰਤੀ ਪਾਸਪੋਰਟ, ਡਰਾਈਵਿੰਗ ਲਾਇਸੰਸ, ਕਰਮਚਾਰੀਆਂ ਨੂੰ ਜਾਰੀ ਸਰਵਿਸ ਆਈ.ਡੀ. ਕਾਰਡ ਫੋਟੋ ਸਮੇਤ ਜਿਸਨੂੰ ਕੇਂਦਰ,ਰਾਜ ਸਰਕਾਰ, ਪੀ.ਐਸ.ਯੂ, ਪਬਲਿਕ ਲਿਮਟਿਡ ਕੰਪਨੀ ਵੱਲੋਂ ਜਾਰੀ ਕੀਤਾ ਹੋਵੇ, ਬੈਂਕ, ਡਾਕਖਾਨੇ ਵੱਲੋਂ ਜਾਰੀ ਪਾਸਬੁੱਕ ਫੋਟੋ ਸਮੇਤ, ਪੈਨ ਕਾਰਡ, ਐਨ.ਪੀ.ਆਰ. ਅਧੀਨ ਆਰਜੀਆਈ ਵੱਲੋਂ ਜਾਰੀ ਸਮਾਰਟ ਕਾਰਡ, ਮਨਰੇਗਾ ਜਾਬ ਕਾਰਡ, ਮਿਨੀਸਟਰੀ ਆਫ਼ ਲੇਬਰ ਵੱਲੋਂ ਜਾਰੀ ਸਿਹਤ ਬੀਮਾ ਸਮਾਰਟ ਕਾਰਡ, ਸਰਕਾਰੀ ਪੈਨਸ਼ਨ ਦਸਤਾਵੇਜ਼ ਸਮੇਤ ਫੋਟੋ, ਐਮ.ਪੀਜ਼, ਐਮ.ਐਲ.ਏਜ਼ ਅਤੇ ਐਮ.ਐਲ.ਸੀਜ਼ ਨੂੰ ਜਾਰੀ ਦਫ਼ਤਰੀ ਸ਼ਨਾਖ਼ਤੀ ਕਾਰਡ ਵਿੱਚੋਂ ਕੋਈ ਵੀ ਇੱਕ ਦਸਤਾਵੇਜ਼ ਨਾਲ ਨੱਥੀ ਕਰੇਗਾ।

# ਜਦੋਂ ਮੀਡੀਆ ਨੇ ਐੱਸ. ਐੱਸ. ਪੀ. ਨੂੰ ਚੌਕੀ ਅਤੇ ਥਾਣਿਆਂ 'ਚ ਰਿਸ਼ਵਤ ਦੇ ਬੋਲਬਾਲਿਆਂ ਸਬੰਧੀ ਦਿੱਤੀ ਹੈਰਾਨੀਜਨਕ ਜਾਣਕਾਰੀ

ਬਿਆਸ
ਬਲਰਾਜ ਰਾਜਾ

ਸਬ-ਡਵੀਜ਼ਨ ਬਾਬਾ ਬਕਾਲਾ ਸਾਹਿਬ ਵਿਚਲੇ ਥਾਣਿਆਂ ਤੇ ਚੌਕੀਆਂ 'ਚ ਜਿਥੇ ਸੈਂਕੜੇ ਲੋਕਾਂ ਦੀਆਂ ਦਰਖਾਸਤਾਂ 'ਤੇ ਇਨਸਾਫ ਦੀ ਉਡੀਕ ਵੀ ਬਕਾਇਆ ਪਈ ਹੋਈ ਹੈ ਅਤੇ ਲੋਕਾਂ ਨੂੰ ਆਪਣੇ ਕੰਮ ਕਰਵਾਉਣ ਲਈ ਚੌਕੀਆਂ, ਥਾਣਿਆਂ ਅਤੇ ਪੁਲਸ ਅਫਸਰਾਂ ਦੇ ਦਫਤਰਾਂ ਦੇ ਚੱਕਰ ਕੱਟਣੇ ਪੈ ਰਹੇ ਹਨ ਅਤੇ ਉਨ੍ਹਾਂ ਨੂੰ ਇਨਸਾਫ ਨਹੀਂ ਮਿਲ ਰਿਹਾ। ਇਸ ਤੋਂ ਇਲਾਵਾ ਇਨ੍ਹਾਂ ਹੀ ਚੌਕੀਆਂ ਥਾਣਿਆਂ 'ਚ ਰਿਸ਼ਵਤ ਦਾ ਬੋਲਬਾਲਾ ਹੋਣ ਅਤੇ ਪੁਖਤਾ ਸਬੂਤਾਂ ਸਮੇਤ ਮੀਡੀਆ ਵੱਲੋਂ ਐੱਸ. ਐੱਸ. ਪੀ. ਅੰਮ੍ਰਿਤਸਰ ਦਿਹਾਤੀ ਨੂੰ ਜਾਣੂ ਕਰਵਾਇਆ ਗਿਆ। ਐੱਸ. ਐੱਸ. ਪੀ. ਨੇ ਮੀਡੀਆ ਪਰਸਨਜ਼ ਦੀ ਗੱਲ 'ਤੇ ਗੌਰ ਕਰਦਿਆਂ ਕਿਹਾ ਕਿ ਰਿਸ਼ਵਤ ਦੇ ਮਾਮਲਿਆਂ ਸਬੰਧੀ ਸਾਰੀ ਜਾਣਕਾਰੀ ਉਨ੍ਹਾਂ ਦੇ ਨਿੱਜੀ ਵਟਸਐਪ 'ਤੇ ਭੇਜਣ ਬਾਰੇ ਕਿਹਾ ਤਾਂ ਕਿ ਜਾਂਚ ਕਰਨ ਉਪਰੰਤ ਰਿਸ਼ਵਤਖੋਰ ਪੁਲਸ ਅਧਿਕਾਰੀਆਂ ਤੇ ਕਰਮਚਾਰੀਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਭਵਿੱਖ 'ਚ ਵੀ ਜੇਕਰ ਕੋਈ ਅਜਿਹਾ ਮਾਮਲਾ ਪੱਤਰਕਾਰਾਂ ਦੇ ਧਿਆਨ 'ਚ ਆਉਂਦਾ ਹੈ ਤਾਂ ਉਹ ਸਿੱਧੀ ਉਨ੍ਹਾਂ ਨੂੰ ਜਾਣਕਾਰੀ ਦੇਣ।

# ਮ੍ਰਿਤਕ ਬੱਚੇ ਲਵਪ੍ਰੀਤ ਸਿੰਘ ਦੇ ਪਰਿਵਾਰ ਨੂੰ ਨਹੀਂ ਮਿਲਿਆ ਇਨਸਾਫ਼

ਬਿਆਸ
ਬਲਰਾਜ ਰਾਜਾ

ਪਿੰਡ ਠੱਠੀਆ ਦੇ ਇਕ ਗਰੀਬ ਪਰਿਵਾਰ ਨਾਲ ਸਬੰਧਤ ਵਿਅਕਤੀ ਕੁਲਦੀਪ ਸਿੰਘ, ਜਿਸ ਦੇ ਮਾਸੂਮ ਬੱਚੇ ਲਵਪ੍ਰੀਤ ਸਿੰਘ (9 ਸਾਲ) ਦੀ 10 ਜੂਨ ਨੂੰ ਕਾਰ ਦੀ ਫੇਟ ਵੱਜਣ ਕਾਰਨ ਮੌਤ ਹੋ ਗਈ ਸੀ। ਪਰਿਵਾਰ ਵੱਲੋਂ ਜਿਥੇ ਇਨਸਾਫ ਲੈਣ ਲਈ ਪੁਲਸ ਵਿਭਾਗ ਦੇ ਦਫਤਰਾਂ ਦੇ ਗੇੜੇ ਕੱਟੇ ਰਹੇ ਹਨ, ਉਥੇ ਨਾਲ ਹੀ ਪੀੜਤ ਪਰਿਵਾਰ ਨੇ ਦੋਸ਼ ਲਾਇਆ ਕਿ ਚੌਕੀ ਇੰਚਾਰਜ ਬਾਬਾ ਬਕਾਲਾ ਸਾਹਿਬ ਵੱਲੋਂ ਉਕਤ ਪਰਿਵਾਰ 'ਤੇ ਰਾਜ਼ੀਨਾਮੇ ਲਈ ਦਬਾਅ ਪਾਇਆ ਜਾ ਰਿਹਾ ਹੈ। ਇਸ 'ਤੇ ਪਿੰਡ ਦੀ ਪੰਚਾਇਤ, ਪਿੰਡ ਵਾਸੀਆਂ ਅਤੇ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਵੱਲੋਂ ਪੁਲਸ ਚੌਕੀ ਦਾ ਘਿਰਾਓ ਵੀ ਕੀਤਾ ਗਿਆ ਸੀ, ਜਿਥੇ ਡੀ. ਐੱਸ. ਪੀ. ਸਵਿੰਦਰਪਾਲ ਸਿੰਘ ਨੇ ਧਰਨਾਕਾਰੀਆਂ ਨੂੰ ਯਕੀਨ ਦਿਵਾਇਆ ਸੀ ਕਿ ਉਹ ਆਉਂਦੇ ਇਕ ਦੋ ਦਿਨਾਂ ਤੱਕ ਦੋਸ਼ੀਆਂ ਨੂੰ ਗ੍ਰਿਫਤਾਰ ਕਰਨਗੇ ਅਤੇ ਪੀੜਤ ਪਰਿਵਾਰ ਨੂੰ ਇਨਸਾਫ ਦਿਵਾਉਣਗੇ ਪਰ ਪੁਲਸ ਪ੍ਰਸ਼ਾਸਨ ਅਜਿਹਾ ਕਰਨ 'ਚ ਬੁਰੀ ਤਰ੍ਹਾਂ ਫੇਲ ਨਜ਼ਰ ਆ ਰਿਹਾ ਹੈ। ਅੱਜ ਇਹ ਮਾਮਲਾ ਐੱਸਐੱਸਪੀ ਦਿਹਾਤੀ ਦੇ ਧਿਆਨ 'ਚ ਵੀ ਲਿਆਂਦਾ ਗਿਆ, ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਇਸ ਸਾਰੇ ਮਾਮਲੇ ਦੀ ਜਾਣਕਾਰੀ ਹੈ ਅਤੇ ਉਹ ਇਸ ਦੀ ਜਾਂਚ ਕਰ ਰਹੇ ਹਨ।

# ਐੱਸ.ਐੱਸ.ਪੀ ਦੀ ਅਗਵਾਈ 'ਚ ਪੁਲਸ ਵੱਲੋਂ ਬਾਬਾ ਬਕਾਲਾ ਸਾਹਿਬ 'ਚ ਨਸ਼ਾ ਸੰਭਾਵੀ ਘਰਾਂ ਦੀ ਚੈਕਿੰਗ

ਬਿਆਸ
ਬਲਰਾਜ ਰਾਜਾ



ਸੂਬੇ 'ਚ ਨਸ਼ੇ ਨੂੰ ਖਤਮ ਕਰਨ ਲਈ ਪੰਜਾਬ ਸਰਕਾਰ ਅਤੇ ਡੀ. ਜੀ. ਪੀ. ਪੁਲਸ ਵੱਲੋਂ ਜਾਰੀ ਕੀਤੇ ਸਖਤ ਦਿਸ਼ਾ-ਨਿਰਦੇਸ਼ਾਂ ਤੋਂ ਬਾਅਦ ਪੁਲਸ ਜ਼ਿਲਾ ਅੰਮ੍ਰਿਤਸਰ ਦਿਹਾਤੀ ਵੱਲੋਂ ਇਨ੍ਹਾਂ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲੇ ਵਿਚਲੇ ਕਈ ਪਿੰਡਾਂ 'ਚ ਸਰਚ ਅਭਿਆਨ ਚਲਾਇਆ ਗਿਆ। ਐੱਸ. ਐੱਸ. ਪੀ. ਦਿਹਾਤੀ ਸਤਿੰਦਰ ਸਿੰਘ ਵੱਲੋਂ ਖੁਦ ਇਸ ਆਪ੍ਰੇਸ਼ਨ ਦੀ ਅਗਵਾਈ ਕੀਤੀ ਗਈ। ਅੱਜ ਕਸਬਾ ਬਾਬਾ ਬਕਾਲਾ ਸਾਹਿਬ 'ਚ ਵੀ ਕਈ ਘਰਾਂ ਦੀ ਤਲਾਸ਼ੀ ਕੀਤੀ ਗਈ, ਭਾਵੇਂਕਿ ਸਰਚ ਅਭਿਆਨ ਦੌਰਾਨ ਕੋਈ ਵੀ ਅਜਿਹੀ ਨਸ਼ੀਲੀ ਵਸਤੂ ਬਰਾਮਦ ਨਹੀ ਹੋਈ ਪਰ ਸੰਭਾਵੀ ਤੌਰ 'ਤੇ ਨਸ਼ੇ ਦਾ ਕਾਰੋਬਾਰ ਕਰਨ ਵਾਲੇ ਜਾਂ ਭਾਰੀ ਤਦਾਦ 'ਚ ਇਸਤੇਮਾਲ ਕਰਨ ਵਾਲਿਆਂ ਦੀ ਤਲਾਸ਼ੀ ਲਈ ਗਈ। ਇਸ ਮੌਕੇ ਐੱਸ. ਐੱਸ. ਪੀ. ਨੇ ਗੱਲਬਾਤ ਕਰਦਿਆਂ ਕਿਹਾ ਕਿ ਕਿਸੇ ਵੀ ਅਜਿਹੇ ਧੰਦਾ ਕਰਨ ਵਾਲੇ ਵਿਅਕਤੀ ਨੂੰ ਕਿਸੇ ਵੀ ਮੁੱਲ 'ਤੇ ਬਖਸ਼ਿਆ ਨਹੀਂ ਜਾਵੇਗਾ ਅਤੇ ਇਹ ਸਰਚ ਅਭਿਆਨ ਲਗਾਤਾਰ ਜਾਰੀ ਰਹਿਣਗੇ। ਉਨ੍ਹਾਂ ਦੱਸਿਆ ਕਿ ਅੱਜ ਜ਼ਿਲੇ 'ਚ ਵੱਖ-ਵੱਖ ਤੌਰ 'ਤੇ ਟੀਮਾਂ ਗਠਿਤ ਕਰ ਕੇ ਛਾਪੇਮਾਰੀ ਕੀਤੀ ਜਾ ਰਹੀ ਹੈ।

# ਭਲਾਈਪੁਰ ਨੇ ਐਨਆਰਆਈ ਭਰਾਵਾਂ ਨਾਲ ਕੀਤੀ ਮੁਲਾਕਾਤ

ਬਿਆਸ
ਬਲਰਾਜ ਰਾਜਾ




ਹਲਕਾ ਬਾਬਾ ਬਕਾਲਾ ਸਾਹਿਬ ਦੇ ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ ਜੋ ਕਿ ਪਿਛਲੀ ਦਿਨੀ ਕਨੇਡਾ ਗਏ ਹੋਏ ਹਨ। ਉਥੇ ਉਹਨਾਂ ਨੇ ਕੈਰੋਂ ਟਰਾਂਸਪੋਰਟ ਦੇ ਮਾਲਕ ਬਲਰਾਜ ਸਿੰਘ ਕੈਰੋ ਅਤੇ ਉਹਨਾਂ ਦੇ ਛੋਟੇ ਭਰਾ ਕੈਰੋ, ਕੇਵਲ ਸਿੰਘ, ਸੰਤੋਖ ਸਿੰਘ ਟੌਂਗ ਅਤੇ ਆਪਣੇ ਹਲਕਾ ਨਿਵਾਸੀਆਂ ਨਾਲ ਮੁਲਾਕਾਤ ਕੀਤੀ ਅਤੇ ਉਹਨਾਂ ਨੇ ਹਲਕਾ ਬਾਬਾ ਬਕਾਲਾ ਸਾਹਿਬ ਵਿੱਚ ਕਾਂਗਰਸ ਨੂੰ ਮਜ਼ਬੂਤ ਕਰਨ ਲਈ ਆਪਣੇ ਐਨਆਰਆਈ ਭਰਾਵਾਂ ਅਤੇ ਸੱਜਣਾ ਮਿੱਤਰਾਂ ਨਾਲ ਵਿਚਾਰ ਵਟਾਂਦਰਾ ਕੀਤਾ। ਸੰਤੋਖ ਸਿੰਘ ਭਲਾਈਪੁਰ ਨੇ ਉਹਨਾਂ ਨੂੰ ਅਪੀਲ ਕੀਤੀ ਕਿ ਆਉਣ ਵਾਲੀਆਂ ਇਲੈਕਸ਼ਨਾਂ ਵਿੱਚ ਪੰਜਾਬ ਆ ਕੇ ਕਾਂਗਰਸ ਦਾ ਡੱਟਕੇ ਸਾਥ ਦੇਣ ਤਾਂ ਜੋ ਹਲਕਾ ਬਾਬਾ ਬਕਾਲਾ ਸਾਹਿਬ ਅਤੇ ਪੰਜਾਬ ਨੂੰ ਖੁਸ਼ਹਾਲ ਬਣਾਇਆ ਜਾਵੇ ਭਲਾਈਪੁਰ ਨੇ ਕਿਹਾ ਕਿ ਐਨਆਰਆਈ ਭਰਾਵਾਂ ਵੱਲੋਂ ਸਮੇਂ ਸਮੇਂ ਤੇ ਪੰਜਾਬ ਦੀ ਖੁਸ਼ਹਾਲੀ ਲਈ ਕੰਮ ਕੀਤੇ ਗਏ ਹਨ। ਪੰਜਾਬ ਦੀ ਤਰੱਕੀ ਲਈ ਐਨਆਰਆਈ ਭਰਾਵਾਂ ਦਾ ਵੱਡਾ ਯੋਗਦਾਨ ਹੈ ਜੋ ਕਦੇ ਵੀ ਅੱਖੋਂ ਪਰੋਖਿਆਂ ਨਹੀਂ ਕੀਤਾ ਜਾ ਸਕਦਾ।

# ਆਮ ਆਦਮੀ ਪਾਰਟੀ ਨੇ ਜਲੰਧਰ ਪੱਛਮੀ ਵਿਧਾਨ ਸਭਾ ਜ਼ਿਮਨੀ ਚੋਣ ਲਈ ਮੋਹਿੰਦਰ ਭਗਤ ਨੂੰ ਬਣਾਇਆ ਉਮੀਦਵਾਰ

ਜਲੰਧਰ
ਸਾਂਝੀ ਸੋਚ ਬਿਊਰੋ

ਜਲੰਧਰ ਪੱਛਮੀ ਵਿਧਾਨ ਸਭਾ ਜ਼ਿਮਨੀ ਚੋਣ ਲਈ ਆਮ ਆਦਮੀ ਪਾਰਟੀ ਨੇ ਆਪਣੇ ਉਮੀਦਵਾਰ ਦਾ ਐਲਾਨ ਕਰ ਦਿੱਤਾ ਹੈ। ਪਾਰਟੀ ਨੇ ਸਾਬਕਾ ਮੰਤਰੀ ਚੂਨੀ ਲਾਲ ਭਗਤ ਦੇ ਬੇਟੇ ਮੋਹਿੰਦਰ ਭਗਤ ਨੂੰ ਉਮੀਦਵਾਰ ਐਲਾਨਿਆ ਹੈ। ਸੋਮਵਾਰ ਨੂੰ ਪਾਰਟੀ ਨੇ ਆਪਣੇ 'ਐਕਸ' ਅਕਾਊਂਟ ਰਾਹੀਂ ਇਸ ਦਾ ਰਸਮੀ ਐਲਾਨ ਕੀਤਾ। ਮੋਹਿੰਦਰ ਭਗਤ 2023 ਦੀ ਜਲੰਧਰ ਲੋਕ ਸਭਾ ਜ਼ਿਮਨੀ ਚੋਣ ਵੇਲੇ ਭਾਜਪਾ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਸਨ। 2022 ਦੀ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ, ਉਨ੍ਹਾਂ ਨੇ ਭਾਜਪਾ ਦੀ ਟਿਕਟ 'ਤੇ ਜਲੰਧਰ ਪੱਛਮੀ ਸੀਟ ਤੋਂ ਚੋਣ ਲੜੀ ਸੀ, ਜਿਸ ਵਿੱਚ ਉਨ੍ਹਾਂ ਨੂੰ ਲਗਭਗ 37000 ਵੋਟਾਂ ਮਿਲੀਆਂ ਸਨ। ਉਹ 1997 ਤੋਂ 1999 ਤੱਕ ਪੰਜਾਬ ਭਾਜਪਾ ਦੇ ਐਸ.ਸੀ ਮੋਰਚਾ ਦੇ ਜਨਰਲ ਸਕੱਤਰ ਸਨ। ਉਹ ਭਾਜਪਾ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਵੀ ਰਹਿ ਚੁੱਕੇ ਹਨ। ਉਹ ਅਕਾਲੀ-ਭਾਜਪਾ ਸਰਕਾਰ ਦੌਰਾਨ 2007 ਤੋਂ 2011 ਤੱਕ ਪੰਜਾਬ ਮੀਡੀਅਮ ਇੰਡਸਟਰੀਜ਼ ਬੋਰਡ ਦੇ ਚੇਅਰਮੈਨ ਵੀ ਸਨ। ਉਨ੍ਹਾਂ ਦਾ ਉਮੀਦਵਾਰ ਬਣਨ ਨਾਲ ਯਕੀਨੀ ਤੌਰ 'ਤੇ ਆਮ ਆਦਮੀ ਪਾਰਟੀ ਮਜ਼ਬੂਤ ਹੋਵੇਗੀ। ਇਹ ਸੀਟ ਆਮ ਆਦਮੀ



ਪਾਰਟੀ ਦੀ ਸਾਬਕਾ ਵਿਧਾਇਕ ਸ਼ੀਤਲ ਅੰਗੁਰਾਲ ਦੇ ਪਾਰਟੀ ਛੱਡਣ ਕਾਰਨ ਖ਼ਾਲੀ ਹੋਈ ਹੈ। ਸ਼ੀਤਲ ਅੰਗੁਰਾਲ ਫ਼ਿਲਹਾਲ ਭਾਜਪਾ 'ਚ ਹਨ। ਇਸ ਸੀਟ 'ਤੇ ਜ਼ਿਮਨੀ ਚੋਣ ਲਈ 10 ਜੁਲਾਈ ਨੂੰ ਵੋਟਿੰਗ ਹੋਣੀ ਹੈ ਅਤੇ ਨਾਮਜ਼ਦਗੀ ਦਾਖ਼ਲ ਕਰਨ ਦੀ ਆਖ਼ਰੀ ਮਿਤੀ 21 ਜੂਨ ਹੈ। ਪਾਰਟੀ ਵੱਲੋਂ ਉਮੀਦਵਾਰ ਬਣਾਏ ਜਾਣ ਤੋਂ ਬਾਅਦ ਮੋਹਿੰਦਰ ਭਗਤ ਨੇ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਦਿੱਤੇ ਇਸ ਮੌਕੇ ਨੂੰ ਮੈਂ ਬਾਖ਼ੂਬੀ ਨਿਭਾਵਾਂਗਾ। ਉਨ੍ਹਾਂ ਕਿਹਾ ਕਿ ਇਸ ਚੋਣ ਵਿੱਚ ਬਹੁਤ ਸਾਰੀਆਂ ਚੁਣੌਤੀਆਂ ਹਨ, ਕਿਉਂਕਿ ਲੋਕ ਸਭਾ ਚੋਣਾਂ ਦੇ ਮੁਕਾਬਲੇ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਦੀ ਸੋਚ ਵੱਖਰੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਇਸ ਵੇਲੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੈ ਅਤੇ ਜੇਕਰ ਵਿਧਾਇਕ ਵੀ ਇਸ ਦਾ ਹੋਵੇਗਾ ਤਾਂ ਲੋਕਾਂ ਦੇ ਕੰਮ ਆਸਾਨੀ ਨਾਲ ਹੋ ਸਕਣਗੇ। ਉਨ੍ਹਾਂ ਕਿਹਾ ਕਿ ਜਲੰਧਰ ਦੇ ਲੋਕਾਂ ਲਈ ਜੇਕਰ ਕੋਈ ਕੰਮ ਕਰ ਸਕਦਾ ਹੈ ਤਾਂ ਸਿਰਫ਼ ਆਮ ਆਦਮੀ ਪਾਰਟੀ ਦਾ ਵਿਧਾਇਕ ਹੀ ਕਰ ਸਕਦਾ ਹੈ। ਜਲੰਧਰ ਪੱਛਮੀ ਦੇ ਲੋਕ ਮੈਨੂੰ ਚੰਗੀ ਤਰ੍ਹਾਂ ਜਾਣਦੇ ਹਨ, ਕਿਉਂਕਿ ਮੈਂ ਬਹੁਤ ਕੰਮ ਕੀਤਾ ਹੈ। ਇਸ ਲਈ ਅਸੀਂ ਇਹ ਚੋਣ ਭਾਰੀ ਬਹੁਮਤ ਨਾਲ ਜਿੱਤਾਂਗੇ।


ARCPOINT LABS
OF MANTECA
Accurate, Reliable, Confidential Testing.
ਸਾਡੀਆਂ ਸੇਵਾਵਾਂ :
DOT ਦੇ Drug ਤੇ Alcohal Testing
Pre- Employment Testing | Physicals
Hair & Nail Testing |Immigration DNA
Paternity & Relationship DNA
Health Checkups ਜਿਵੇਂ :
Cholestrol Test
Heart Health
Thyroid Test
Diabetes Test
Food Allergy
Vitamin & Nutrient Test
ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ
BOY? or GIRL?
ਵਧੇਰੇ ਜਾਣਕਾਰੀ ਲਈ ਕਾਲ ਕਰੋ :
(209) 629-8282 |(209) 505-6384
Address : 119. Maple AVe, Suite A Manteca, CA 95336

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

## S. Singh Cell: (510) 766-9382

## 2955 N. Wilson Way Stockton , CA 95205

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜ਼ਾ

* ੳ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**



**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# PAL FILMS & PHOTO BOOKS

*All Your Photo/Videography & Post Production needs Under One Roof*




Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

Email: palfilms@yahoo.com, palfilms925@gmail.com, www.palfilms.com

**4007 Railroad Ave
Pittsburgh, CA 94565**

### ਕਾਵਿ ਵਿਅੰਗ

# ਗਰਮੀ ਦੀ ਲੋਅ

ਸੂਰਜ ਤਪਦਾ ਧਰਤੀ ਨੂੰ ਅੱਗ ਲੱਗੀ,
ਪਾਰਾ ਗਿਆ ਪੰਜਾਹ ਦੇ ਨੇੜ ਬਾਬਾ।
ਖੁਰਾਕਾਂ ਮਾੜੀਆਂ ਸਰੀਰ ਕਮਜ਼ੋਰ ਹੋ ਗਏ,
ਝੱਲੀ ਜਾਂਦੀ ਨਹੀਂ ਹੁਣ ਧਗੇੜ ਬਾਬਾ।
ਪਾਣੀ ਮੁੱਕ ਚੱਲਿਆ ਰੁੱਖ ਵੀ ਵੱਢ ਸੁੱਟੇ,
ਮੁਸੀਬਤ ਆਪੇ ਲਈ ਆਪਾਂ ਸਹੇੜ ਬਾਬਾ।
ਬਾਹਰ ਨਿਕਲੀਏ ਲੋਅ ਮੂੰਹ ਸਾੜੇ,
ਗਰਮ ਹਵਾ ਜਿਓਂ ਮਾਰੇ ਚਪੇੜ ਬਾਬਾ।
ਦੋਸ਼ ਦੇਈਏ ਕੁਦਰਤ ਨੂੰ ਹੁਣ ਕਿਉਂ ਆਪਾਂ,
ਫ਼ਲ ਮਿਲਦਾ ਕੀਤੀ ਜੋ ਛੇੜ ਬਾਬਾ।
ਇੱਕੋ ਰਾਹਤ ਮਿਲੀ ਮੱਖੀ ਮੱਛਰਾਂ ਤੋਂ,
ਅੱਗੇ ਫਿਰਦੇ ਸੀ ਬਣ ਕੇ ਹੇੜ ਬਾਬਾ।
ਜਿੰਨਾਂ ਚਿਰ ਰੁੱਖ ਤੇ ਪਾਣੀ ਨਹੀਂ ਬਚਾਏ ਜਾਂਦੇ,
ਪੱਤੋ, ਨਹੀਂ ਮੁੱਕਣਾ ਇਹ ਗੇੜ ਬਾਬਾ।




SANJHI SOCH
ਹਰਪ੍ਰੀਤ ਪੱਤੋ
ਪਿੰਡ ਪੱਤੋ ਹੀਰਾ ਸਿੰਘ
ਮੋਗਾ
94658-21417

# ਲੋਕ

ਡੁੱਬਦੇ ਨੂੰ ਵੇਖ ਕੇ ਹੱਸਦੇ ਲੋਕ,
ਡਿੱਗਦੇ ਨੂੰ ਵੇਖ ਕੇ ਨੱਸਦੇ ਲੋਕ।
ਕਿਸੇ ਕੋਲ ਜੇ ਹੋਵਣ ਖੁਸ਼ੀਆਂ,
ਉਸ ਤੋਂ ਖੁਸ਼ੀਆਂ ਖੱਸਦੇ ਲੋਕ।
ਕੋਲ ਹੋਵੇ ਜਿੰਨਾ ਮਰਜ਼ੀ ਧਨ,
ਖ਼ੁਦ ਨੂੰ ਧਨਹੀਣ ਦੱਸਦੇ ਲੋਕ।
ਕੋਈ ਇਨ੍ਹਾਂ ਤੋਂ ਅੱਗੇ ਨਾ ਲੰਘੇ,
ਉਸ ਨੂੰ ਸੱਪ ਬਣ ਡੱਸਦੇ ਲੋਕ।
ਆਪਣੇ ਬਾਰੇ ਚੁੱਪ ਨੇ ਰਹਿੰਦੇ,
ਦਿਲ ਦੀ ਗੱਲ ਨਾ ਦੱਸਦੇ ਲੋਕ।
ਠੀਕ ਰਾਹ ਤੇ ਤੁਰਨ ਵਾਲੇ ਨੂੰ,
ਪਾਗਲ ਕਹਿ ਕੇ ਹੱਸਦੇ ਲੋਕ।
ਜਿਸ ਦੇ ਹੱਥ 'ਚ ਹੋਵੇ ਡਾਂਗ,
ਉਸ ਤੋਂ ਡਰ ਕੇ ਨੱਸਦੇ ਲੋਕ।



SANJHI SOCH
ਮਹਿੰਦਰ ਸਿੰਘ ਮਾਨ
ਸਲੋਹ ਰੋਡ, ਨਵਾਂ ਸ਼ਹਿਰ
99158-03554









ਸਮੁੱਚੀ ਲੋਕਾਈ ਨੂੰ ਸਾਂਝੀਵਾਲਤਾ ਦਾ ਉਪਦੇਸ਼ ਦੇਣ ਵਾਲੇ

**ਮਹਾਨ ਸੰਤ ਅਤੇ ਕਵੀ ਭਗਤ ਕਬੀਰ ਜੀ ਦੇ ਆਗਮਨ ਪੂਰਬ ਸੰਬੰਧੀ**

ਸਰਬੱਤ ਦੇ ਭਲੇ ਲਈ

**ਸ੍ਰੀ ਅਖੰਡ ਪਾਠ ਸਾਹਿਬ ਅਤੇ ਕਥਾ -ਕੀਰਤਨ**

09,10 ਅਤੇ 11 ਅਗਸਤ ਦਿਨ ਸ਼ੁੱਕਰ, ਸ਼ਨੀ ਅਤੇ ਐਤਵਾਰ ਨੂੰ ਕਰਵਾਇਆ ਜਾ ਰਿਹਾ ਹੈ

**ਸੰਗਤ ਤੇ ਸੇਵਾਦਾਰਾਂ ਦੇ ਪਰਿਵਾਰਾਂ ਵੱਲੋਂ ਸੇਵਾ**

**09 ਅਗਸਤ, 2024**
(ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ)

**11 ਅਗਸਤ, 2024**
(ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ)

ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵੀ ਕੀਰਤਨ ਦੀਵਾਨ ਸੱਜਣਗੇ ਤੇ ਸੰਗਤਾਂ ਨੂੰ ਮਹਾਨ ਕੀਰਤਨੀਆਂ ਤੇ ਰਾਗੀਆਂ ਵੱਲੋਂ ਨਿਹਾਲ ਕੀਤਾ ਜਾਵੇਗਾ।

**ਸੇਵਾਦਾਰ ਪਰਿਵਾਰਾਂ ਵੱਲੋਂ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ |**

ਸਮੂਹ ਸਾਧ ਸੰਗਤ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਪਹੁੰਚੋ ਤੇ ਆਪਣੀਆਂ ਹਾਜ਼ਰੀਆਂ ਲਗਵਾਓ ਜੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :

ਰਮੇਸ਼ ਸੁਮਨ : (925) 366 3618 | ਦਿਲਬਾਗ਼ ਸਿੰਘ (209) 834 4641 | ਵਿਨੋਦ ਕੁਮਾਰ : +1 (408) 718-2506

SRI GURU RAVIDASS TEMPLE: 2150 CRESTVIEW DRIVE, PITTSBURG, CA 94565



# GINNY BEDI LAW PC



Ginny Bedi Attorney

- ★ Immigration
- ★ Divorce
- ★ Custody and Support issues
- ★ Business Disputes
- ★ Living Trusts
- ★ Criminal Matters
- ★ Misdemeanors
- ★ DUI

ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।

255 N Market St Ste 150 San Jose CA 95110


Tel: (408) 800-0242 Fax: (408) 800-0240, Mobile: (408) 802-2501

Email: ginny@ginnybedilaw.com Web: www.ginnybedilaw.com


SAN MARCO TEEYAN BAY POINT
PROUDLY PRESENTS ( NONPROFIT)
7TH ANNUAL WOMENS FESTIWAL
FETURING : GIDHA, DANCE, SKITS, SONGS, LIVE DJ AND MUCH MORE
San marco Teeyan
SINGER
JASPINDER RAINA
HOST
JOT RANJIT
ON SUNDAY JULY 14TH 2024
@MEHRAN BANQUET HALL 12 PM TO 6 PM
3841 RAILROAD AVE, PITTSBURG, CA 94565
REFFEL DRAWING FOR GOLD ITEM
AND MORE PRIZES
PHOTO & VIDEOGRAPHY BY
PAL FILMS
Free Entry
Free Parking
GRAND SPONSOR
CHINNA JEWELERS
FOR MORE INFO & PARTICIPATION CALL
SONIA WALIA
925-565-6058
PARAMJIT NOKWAL
925-323-2523
HARPREET SUTTI
925-465-3414


E-MAIL:SALES@ezeldsolutions.com
EZ ELD SOLUTIONS
LOGBOOKS MADE EASY
TRACK YOUR TRUCK WITH
EZ TRUCK SOLUTION
ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ
FMCSA Complaint & Affordable
The Power of telematics in the palm of your hand
Compliance | Asset Tracking | Management
$100 HARDWARE
ONE-TIME FEE
$20 MONTHLY
SUBSCRIPTION
24/7 TECHNICAL SUPPORT IN
ENGLISH,SPANISH AND PUNJABI.
CALL NOW +1 (800) 556-7105
Official Address : 2301 W Belmont ave, Fresno, CA 93727

# ਭਾਰਤ ਦੀ ਫੁੱਟਬਾਲ ਖੇਡ ਵਿਚਲੀ ਸਥਿਤੀ ਨੂੰ ਬਿਆਨ ਕਰਦੀ ਫ਼ਿਲਮ ਮੈਦਾਨ




ਖੇਡਾਂ ਮਨੁੱਖੀ ਜੀਵਨ ਦਾ ਅਹਿਮ ਹਿੱਸਾ ਹਨ। ਖੇਡਾਂ ਦਾ ਮਕਸਦ ਕੇਵਲ ਮੈਚ ਜਿੱਤ ਕੇ ਦੌਲਤ ਅਤੇ ਸ਼ੌਹਰਤ ਕਮਾਉਣਾ ਹੀ ਨਹੀਂ ਸਗੋਂ ਸ਼ਰੀਰ ਨੂੰ ਰਿਸ਼ਟ ਪੁਸ਼ਟ ਰੱਖਦੇ ਹੋਏ ਇਕ ਤੰਦਰੁਸਤ ਸਮਾਜ਼ ਦਾ ਨਿਰਮਾਣ ਕਰਦੇ ਹੋਏ ਆਪਸੀ ਭਾਈਚਾਰਕ ਸਾਂਝ ਅਤੇ ਮੁਹੱਬਤ ਦਾ ਪੈਗਾਮ ਪਹੁੰਚਾਉਣਾ ਵੀ ਹੁੰਦਾ ਹੈ। ਦੁਨੀਆਂ ਵਿੱਚ ਅਜਿਹੀਆਂ ਬਹੁਤ ਸਾਰੀਆਂ ਖੇਡਾਂ ਹਨ ਜਿਨ੍ਹਾਂ ਵਿੱਚ ਸਮੇਂ ਸਮੇਂ ਤੇ ਭਾਰਤੀ ਖਿਡਾਰੀਆਂ ਨੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ, ਜਿਨ੍ਹਾਂ ਦੀਆਂ ਜਿੱਤਾਂ ਦਾ ਇਤਿਹਾਸ ਅੱਜ ਵੀ ਕਿਤਾਬਾਂ ਵਿੱਚ ਦੁਹਰਾਇਆ ਜਾਂਦਾ ਹੈ ।

ਫੁੱਟਬਾਲ ਦੁਨੀਆਂ ਦੀ ਹਰਮਨ ਪਿਆਰੀ ਖੇਡ ਮੰਨੀ ਜਾਂਦੀ ਹੈ।ਭਾਰਤ ਦੀ ਫੁੱਟਬਾਲ ਵਿੱਚ ਸਥਿਤੀ ਕਦੇ ਵੀ ਸੰਤੁਸ਼ਟੀਜਨਕ ਨਹੀਂ ਰਹੀ ਇਸਦਾ ਕਾਰਣ ਇਹ ਨਹੀਂ ਹੈ ਕਿ ਭਾਰਤ ਕੋਲ਼ ਚੰਗੇ ਖਿਡਾਰੀਆਂ ਜਾਂ ਤਜ਼ਰਬੇਕਾਰ ਕੋਚਾਂ ਦੀ ਘਾਟ ਹੈ।ਦੁੱਖ ਤਾਂ ਇਸ ਗੱਲ਼ ਦਾ ਹੈ ਕਿ ਸਮੇਂ ਦੀਆਂ ਸਰਕਾਰਾਂ ਅਤੇ ਭਾਰਤੀ ਫੁੱਟਬਾਲ ਫੈਡਰੇਸ਼ਨ ਨੇ ਭਾਰਤ ਦੀ ਫੁੱਟਬਾਲ ਦੀ ਸਥਿਤੀ ਨੂੰ ਮਜ਼ਬੂਤ ਕਰਨ ਲਈ ਕੋਈ ਠੋਸ ਪ੍ਰੋਗਰਾਮ ਉਲੀਕਣੇ ਕਦੇ ਜ਼ਰੂਰੀ ਨਹੀਂ ਸਮਝੇ। ਅਜਿਹਾ ਹੀ ਸਭ ਕੁੱਝ ਦਿਖਾਇਆ ਗਿਆ ਹੈ ਬੀਤੇ ਦਿਨ ਓ ਟੀ ਟੀ ਤੇ ਰਿਲੀਜ਼ ਹੋਈ ਫ਼ਿਲਮ ਮੈਦਾਨ ਵਿੱਚ, ਜਿਸਨੂੰ ਡਾਇਰੈਕਟ ਕੀਤਾ ਹੈ ਅਮਿਤ ਸ਼ਰਮਾ ਦੁਆਰਾ, ਫ਼ਿਲਮ ਦੇ ਡਾਈਲਾੱਗ ਰਿਤੀਸ਼ ਸ਼ਾਹ ਅਤੇ ਸਿਧਾਂਤ ਮਾਗੋ ਦੁਆਰਾ ਲਿਖੇ ਗਏ ਹਨ,ਜੀ ਸਟੂਡਿਓਜ,ਫਰੈਸ਼ ਲਾਈਮ ਫ਼ਿਲਮਜ਼, ਆਕਾਸ਼ ਚਾਵਲਾ, ਅਰੁਣਾ ਜੁਆਏ,ਸੇਨ ਗੁਪਤਾ ਅਤੇ ਬੋਨੀ ਕਪੂਰ ਦੁਆਰਾ ਪਰੋਡਿਊਸ ਕੀਤੀ, ਫ਼ਿਲਮ ਮੈਦਾਨ ਦਾ ਸੰਗੀਤ ਮਸ਼ਹੂਰ ਫ਼ਿਲਮੀ ਸੰਗੀਤਕਾਰ ਏ ਆਰ ਰਹਿਮਾਨ ਦੁਆਰਾ ਦਿੱਤਾ ਗਿਆ ਹੈ।

ਫ਼ਿਲਮ ਮੈਦਾਨ ਇੱਕ ਸੱਚੀ ਘਟਨਾ ਤੇ ਆਧਾਰਿਤ ਹੈ, ਜਿਸਦੀ ਪੂਰੀ ਕਹਾਣੀ 1952 ਤੋਂ 1962 ਦੌਰਾਨ ਭਾਰਤੀ ਫੁੱਟਬਾਲ ਟੀਮ ਦੇ ਕੋਚ ਰਹੇ ਸਯੱਦ ਅਬਦੁਲ ਰਹੀਮ ਦੀ ਜ਼ਿੰਦਗੀ ਦੇ ਆਲੇ ਦੁਆਲੇ ਘੁੰਮਦੀ ਹੈ, ਜਿਸਦਾ ਕਿਰਦਾਰ ਅਦਾਕਾਰ ਅਜੈ ਦੇਵਗਨ ਨੇ ਬਹੁਤ ਵਧੀਆ ਤਰੀਕੇ ਨਾਲ ਨਿਭਾਇਆ ਹੈ।ਅਬਦੁਲ ਰਹੀਮ ਦਾ ਇਹ ਸੁਪਨਾ ਹੈ ਕਿ ਉਹਨਾਂ ਦੀ ਟੀਮ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਭਾਰਤ ਦਾ ਨਾਂ ਰੌਸ਼ਨ ਕਰੇ ਪ੍ਰੰਤੂ ਫੁੱਟਬਾਲ ਫੈਡਰੇਸ਼ਨ ਵਿੱਚ ਚਲ ਰਹੀ ਰਾਜਨੀਤੀ ਅਤੇ ਈਰਖਾ ਦੀ ਭਾਵਨਾ ਕਰਕੇ ਉਹਨਾਂ ਨੂੰ ਆਪਣਾ ਸੁਪਨਾ ਪੂਰਾ ਕਰਨ ਵਿੱਚ ਬਹੁਤ ਮੁਸ਼ਿਕਲਾਂ ਅਤੇ ਰੁਕਾਵਟਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਇੱਕ ਵਾਰ ਤਾਂ ਉਨ੍ਹਾਂ ਨੂੰ ਫੁੱਟਬਾਲ ਟੀਮ ਦੇ ਹਾਰ ਦਾ ਕਾਰਣ ਮੰਨਦੇ ਹੋਏ ਭਾਰਤੀ ਫੁੱਟਬਾਲ ਦੇ ਕੋਚ ਤੋਂ ਅਸਤੀਫ਼ਾ ਵੀ ਦਵਾ ਦਿੱਤਾ ਜਾਂਦਾ ਹੈ ਪ੍ਰੰਤੂ ਉਹ ਹਿੰਮਤ ਅਤੇ ਸੰਘਰਸ਼ ਦਾ ਪੱਲਾ ਨਹੀਂ ਛੱਡਦੇ। ਪਰਿਵਾਰ ਵੱਲੋਂ ਮਿਲੀ ਹੱਲਾਸ਼ੇਰੀ ਅਤੇ ਹੌਂਸਲਾ ਉਹਨਾਂ ਨੂੰ ਮੁੜ ਫੁੱਟਬਾਲ ਵੱਲ ਪਰਤਣ ਲਈ ਮਜਬੂਰ ਕਰ ਦਿੰਦਾ ਹੈ।ਅਬਦੁਲ ਰਹੀਮ ਦਾ ਫੁੱਟਬਾਲ ਇੱਕ ਜਨੂੰਨ ਬਣ ਚੁੱਕੀ ਹੁੰਦੀ ਹੈ। ਉਨ੍ਹਾਂ ਲਈ ਫੁੱਟਬਾਲ ਹੀ ਪੂਰੀ ਦੁਨੀਆ ਹੈ, ਫੁੱਟਬਾਲ ਦੇ ਕੋਚ ਤੋਂ ਬਿਨਾਂ ਉਨ੍ਹਾਂ ਨੂੰ ਹੋਰ ਕੋਈ ਕੰਮ ਕਰਨਾ ਚੰਗਾ ਨਹੀਂ ਲੱਗਦਾ। ਉਨ੍ਹਾਂ ਦੀ ਇਹੀ ਲਗਨ ਅਤੇ ਫੁੱਟਬਾਲ ਖੇਡ ਪ੍ਰਤੀ ਅਥਾਹ ਪਿਆਰ ਉਨ੍ਹਾਂ ਨੂੰ ਮੁੜ ਭਾਰਤੀ ਫੁੱਟਬਾਲ ਟੀਮ ਦਾ ਕੋਚ ਬਣਾ ਦਿੰਦੀ ਹੈ।ਫੁੱਟਬਾਲ ਅਬਦੁਲ ਰਹੀਮ ਲਈ ਦਵਾ ਅਤੇ ਦੁਆ ਦੋਵੇਂ ਹੈ।ਫੇਫੜਿਆਂ ਦੇ ਕੈਂਸਰ ਨਾਲ ਜੂਝਦੇ ਹੋਏ ਵੀ ਭਾਰਤੀ ਟੀਮ ਨੂੰ ਮੁੜ ਤਿਆਰ ਕਰਦੇ ਹਨ। ਅਬਦੁਲ ਰਹੀਮ ਦੀ ਅਗਵਾਈ ਕਰਦੇ ਹੋਏ 1962 ਦੀਆਂ ਏਸ਼ੀਅਨ ਖੇਡਾਂ ਵਿੱਚ ਸੋਨੇ ਦਾ ਤਗਮਾ ਜਿੱਤਣਾ ਬੁਲੰਦ ਹੌਸਲਿਆਂ ਦੀ ਪ੍ਰੇਰਨਾਮਈ ਗਾਥਾ ਹੈ। ਅਬਦੁਲ ਰਹੀਮ ਦੀ ਮੌਤ ਤੋਂ ਬਾਅਦ ਭਾਰਤ ਦੀ ਫੁੱਟਬਾਲ ਵਿੱਚ ਸਥਿਤੀ ਬਹੁਤੀ ਤਸੱਲੀਬਖ਼ਸ਼ ਕਦੇ ਨਹੀਂ ਰਹੀ।

ਅਬਦੁਲ ਰਹੀਮ ਦੇ ਦੁਨੀਆਂ ਤੋਂ ਰੁਖ਼ਸਤ ਹੋਣ ਤੋਂ ਬਾਅਦ ਅਜਿਹਾ ਲੱਗਦਾ ਹੈ ਕਿ ਭਾਰਤੀ ਫੁੱਟਬਾਲ ਟੀਮ ਨੂੰ ਦੁਨੀਆਂ ਦੀ ਸਰਵੋਤਮ ਟੀਮ ਬਨਾਉਣ ਦਾ ਸੁਪਨਾ ਅਧੂਰਾ ਰਹਿ ਗਿਆ।ਅੱਜ ਲੋੜ ਹੈ ਮੁੜ ਸਯੱਦ ਅਬਦੁਲ ਰਹੀਮ ਵਰਗੇ ਕੋਚਾਂ ਦੀ ਜ਼ੋ ਭਾਰਤ ਦੀ ਫੁੱਟਬਾਲ ਟੀਮ ਨੂੰ ਮੁੜ ਸੁਰਜੀਤ ਕਰਕੇ ਮਜ਼ਬੂਤ ਬਣਾ ਕੇ ਦੁਨੀਆ ਵਿੱਚ ਭਾਰਤ ਦਾ ਨਾਂ ਰੋਸ਼ਨ ਕਰ ਸਕਣ। ਫ਼ਿਲਮ ਦੀ ਗੋਂਦ ਦਰਸ਼ਕਾਂ ਨੂੰ ਕਦੇ ਅੱਕਣ ਅਤੇ ਥੱਕਣ ਨਹੀਂ ਦਿੰਦੀ। ਦਰਸ਼ਕਾਂ ਨੂੰ ਪਤਾ ਹੀ ਨਹੀਂ ਲੱਗੇਗਾ ਕਿ ਕਿਹੜੇ ਵੇਲੇ ਤਿੰਨ ਘੰਟਿਆਂ ਦਾ ਸਮਾਂ ਬਤੀਤ ਹੋ ਗਿਆ। ਫੁੱਟਬਾਲ ਪ੍ਰੇਮੀਆਂ ਦੇ ਨਾਲ ਨਾਲ ਹਰ ਉਮਰ ਦੇ ਦਰਸ਼ਕਾਂ ਲਈ ਫ਼ਿਲਮ ਪ੍ਰੇਰਨਾ ਸਰੋਤ ਅਤੇ ਦੇਖਣ ਯੋਗ ਹੈ।ਭਾਰਤੀ ਸਿਨੇਮਾ ਤੋਂ ਆਉਣ ਵਾਲੇ ਸਮੇਂ ਵਿੱਚ ਅਜਿਹੀਆਂ ਹੀ ਹੋਰ ਬਿਹਤਰੀਨ ਫ਼ਿਲਮਾਂ ਦੀ ਉਮੀਦ ਕੀਤੀ ਜਾ ਸਕਦੀ ਹੈ।



ਸਾਂਝੀ ਸੋਚ
ਰਜਵਿੰਦਰ ਪਾਲ ਸ਼ਰਮਾ
ਪਿੰਡ ਕਾਲਝਰਾਣੀ
ਡਾਕਖਾਨਾ ਚੱਕ ਅਤਰ ਸਿੰਘ ਵਾਲਾ
ਤਹਿ ਅਤੇ ਜ਼ਿਲ੍ਹਾ-ਬਠਿੰਡਾ
70873-67969








SAI JEWELERS
Making Every
Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜ੍ਹੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of
Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday | 11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

**Now Open New Banquet Hall in Sacramento**

*For more info: Contact Paul : (916)334-6000*







# SONNY DHALIWAL

## for SUPERVISOR

**EXPERIENCED LEADERSHIP YOU CAN TRUST**

Paid for by Sonny Dhaliwal for County Supervisor 2024 FPPC#1459023

# ਪੁਸਤਕ ਰੀਵਿਊ

# ਸਮਾਜਕ ਵਿਸੰਗਤੀਆਂ ਦਾ ਹਕੀਕੀ ਮੰਜ਼ਰ



ਪ੍ਰੋ.ਨਵ ਸੰਗੀਤ ਸਿੰਘ
ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.




ਅੰਮ੍ਰਿਤਪਾਲ ਸਿੰਘ ਸ਼ੈਦਾ ਗ਼ਜ਼ਲ ਨੂੰ ਸਮਰਪਿਤ ਤ੍ਰੈਭਾਸ਼ੀ ਸ਼ਾਇਰ ਹੈ। ਉਹ ਹੁਣ ਤੱਕ 4 ਸੰਪਾਦਿਤ ਅਤੇ 2 ਮੌਲਿਕ ਪੁਸਤਕਾਂ ਦੀ ਰਚਨਾ ਕਰ ਚੁੱਕਾ ਹੈ, ਜਿਨ੍ਹਾਂ ਵਿੱਚ 'ਗਰਮ ਹਵਾਵਾਂ' (ਕਹਾਣੀਆਂ, 1985), 'ਜੁਗਨੂੰ ਅਤੀਤ ਦੇ'
(ਕਵਿਤਾਵਾਂ, ਚਰਨਜੀਤ ਸਿੰਘ ਚੱਢਾ, 2003), 'ਸਾਂਝ ਅਮੁੱਲੀ ਬੋਲੀ ਦੀ' (ਗ਼ਜ਼ਲਾਂ, 2021), 'ਸੱਥ ਜੁਗਨੂੰਆਂ ਦੀ'
(ਕਹਾਣੀਆਂ, 2021) (ਸਾਰੀਆਂ ਸੰਪਾਦਿਤ); 'ਫ਼ਸਲ ਧੁੱਪਾਂ ਦੀ' (ਗ਼ਜ਼ਲਾਂ, 2019), 'ਟੂਣੇਹਾਰੀ ਰੁੱਤ ਦਾ ਜਾਦੂ' (ਗ਼ਜ਼ਲਾਂ, 2022) (ਦੋਵੇਂ ਮੌਲਿਕ) ਸ਼ਾਮਲ ਹਨ। ਉਹ ਸਹਿਜ ਅਤੇ ਠਰ੍ਹੰਮੇ ਦਾ ਕਵੀ ਹੈ। ਉਹ ਪਿਛਲੇ 40 ਸਾਲਾਂ ਤੋਂ ਤ੍ਰੈਭਾਸ਼ੀ ਕਵੀ ਦਰਬਾਰਾਂ ਦੀ ਜ਼ੀਨਤ ਬਣਦਾ ਆ ਰਿਹਾ ਹੈ, ਜਿਨ੍ਹਾਂ ਵਿੱਚ ਸਥਾਨਕ, ਰਾਸ਼ਟਰੀ ਤੇ ਅੰਤਰਰਾਸ਼ਟਰੀ ਕਵੀ ਦਰਬਾਰ/ ਮੁਸ਼ਾਇਰੇ ਸ਼ਾਮਲ ਹਨ। ਦੂਰਦਰਸ਼ਨ ਅਤੇ ਆਲ ਇੰਡੀਆ ਰੇਡੀਓ ਪ੍ਰੋਗਰਾਮਾਂ ਵਿੱਚ ਵੀ ਉਹਨੇ ਖ਼ੂਬ ਸ਼ਿਰਕਤ ਕੀਤੀ ਹੈ। ਉਹ 1979 ਤੋਂ 'ਤ੍ਰਿਵੇਣੀ ਸਾਹਿਤ ਪਰਿਸ਼ਦ' ਪਟਿਆਲਾ ਨਾਲ ਜੁੜਿਆ ਹੋਇਆ ਹੈ, 1985 ਤੋਂ ਉਹ ਭਾਸ਼ਾ ਵਿਭਾਗ ਪੰਜਾਬ ਦੀਆਂ ਸਾਹਿਤਕ ਗਤੀਵਿਧੀਆਂ ਨਾਲ ਸੰਬੰਧਿਤ ਹੈ। ਗ਼ਜ਼ਲ ਦੀਆਂ ਬਰੀਕੀਆਂ ਉਹਨੂੰ ਆਪਣੇ ਮਰਹੂਮ ਵਾਲਿਦ ਜਨਾਬ ਗੁਰਬਖ਼ਸ਼ ਸਿੰਘ ਸ਼ੈਦਾ ਦੀ ਸੰਗਤ ਤੋਂ ਮੌਸੂਲ ਹੋਈਆਂ।

ਰੀਵਿਊ ਅਧੀਨ ਪੁਸਤਕ ('ਲਹੂ ਕੇ ਗੁਲਾਬ', ਸ਼ਬਦਾਂਜਲੀ ਪਬਲੀਕੇਸ਼ਨ, ਪਟਿਆਲਾ, ਪੰਨੇ 96, ਮੁੱਲ 200/-) ਅੰਮ੍ਰਿਤਪਾਲ ਸਿੰਘ ਸ਼ੈਦਾ ਦੀ ਹਿੰਦੀ ਗ਼ਜ਼ਲਾਂ ਦੀ ਪਹਿਲ-ਪਲੇਠੀ ਪੁਸਤਕ ਹੈ, ਜਿਸ ਵਿੱਚ 72 ਗ਼ਜ਼ਲਾਂ ਸੰਕਲਿਤ ਹਨ। ਇਸ ਕਿਤਾਬ ਦੀ ਪ੍ਰਸਤਾਵਨਾ ਅਤੇ ਤਬਸਿਰਾ ਵਿੱਚ ਕ੍ਰਮਵਾਰ ਡਾ. ਸੁਰੇਸ਼ ਨਾਇਕ (ਰਾਜਪੁਰਾ, ਪੰਜਾਬ) ਅਤੇ ਪ੍ਰੋ. ਸ਼ਗ਼ੀਰ ਤਬੱਸੁਮ (ਪਾਕਿਸਤਾਨ) ਨੇ ਪੁਸਤਕ ਦਾ ਦੀਰਘ ਅਤੇ ਨਿਕਟ ਮੁਲਾਂਕਣ ਕੀਤਾ ਹੈ। ਸ਼ਿਰੋਮਣੀ ਹਿੰਦੀ ਲੇਖਕ ਡਾ. ਮਨਮੋਹਨ ਸਹਿਗਲ ਨੇ ਵੀ ਕਿਤਾਬ ਬਾਰੇ ਸੰਖਿਪਤ ਟਿੱਪਣੀ ਲਿਖੀ ਹੈ।

ਅਸਲ ਵਿੱਚ ਵਰਤਮਾਨ ਸਮੇਂ ਵਿੱਚ ਗ਼ਜ਼ਲ ਮਹਿਜ਼ ਵਾਹਵਾਹੀ/ਖ਼ਿਆਲੀ ਉਡਾਰੀਆਂ/ਬਾਦਸ਼ਾਹੀ ਦਰਬਾਰਾਂ ਦੇ ਦੌਰ-ਦੌਰੇ 'ਚੋਂ ਆਪਣਾ ਦਾਮਨ ਛੁਡਾ ਕੇ ਸਮਾਜਕ, ਧਾਰਮਿਕ, ਰਾਜਨੀਤਿਕ ਤੇ ਸਭਿਆਚਾਰਕ ਮਾਨਤਾਵਾਂ ਨੂੰ ਉਸੇ ਤਰ੍ਹਾਂ ਚੁਣੌਤੀ ਦਿੰਦੀ ਹੈ, ਜਿਵੇਂ ਸਾਹਿਤ ਦੇ ਹੋਰ ਰੂਪ। ਪੁਸਤਕ ਦਾ ਸਿਰਲੇਖ ਹੀ ਸੰਘਰਸ਼ ਤੇ ਪ੍ਰਗਤੀ ਦੀ ਪ੍ਰਤੀਧੁਨੀ ਬੁਲੰਦ ਕਰਦਾ ਹੈ, ਯਾਨੀ ਗੁਲਾਬ ਵੀ ਹੁਣ ਮਹਿਜ਼ ਸੁਗੰਧੀ ਜਾਂ ਖ਼ੁਸ਼ਬੋ ਦਾ ਕੇਂਦਰ ਬਿੰਦੂ ਨਹੀਂ ਰਹਿ ਗਿਆ, ਸਗੋਂ ਇਹਦੇ ਲਾਲ ਰੰਗ ਤੋਂ ਸ਼ਾਇਰ ਨੂੰ ਖ਼ੂਨ/ਇਨਕਲਾਬ ਦਾ ਪਰਚਮ ਲਹਿਰਾਉਂਦਾ ਨਜ਼ਰ ਆਉਂਦਾ ਹੈ। ਤੇ ਕਵੀ ਨੂੰ ਜਦੋਂ ਕੋਮਲ/ਨਾਜ਼ੁਕ ਵਸਤਾਂ 'ਚੋਂ ਵੀ ਖ਼ੂਨ ਦੀ ਗਰਦਿਸ਼ ਮੰਡਰਾਉਂਦੀ ਦਿੱਸਦੀ ਹੈ ਤਾਂ ਸਮਝੋ 'ਤਾਜੋ-ਤਖ਼ਤ' ਉੱਛਲਣ ਵਾਲੇ ਹਨ।

ਕਵੀ ਨੇ ਸਾਰੀਆਂ ਗ਼ਜ਼ਲਾਂ ਦੇ ਸ਼ਿਅਰਾਂ ਦੀ ਗਿਣਤੀ ਨੂੰ ਸੱਤ ਤੱਕ ਮਹਿਦੂਦ ਰੱਖਿਆ ਹੈ ਤੇ ਲੱਗਭੱਗ ਹਰੇਕ ਗ਼ਜ਼ਲ ਦੇ ਮਕ਼ਤੇ ਵਿੱਚ ਆਪਣਾ ਉਪਨਾਮ 'ਸ਼ੈਦਾ' ਵਰਤਿਆ ਹੈ। ਉਸ ਦੀਆਂ ਜ਼ਿਆਦਾਤਰ ਗ਼ਜ਼ਲਾਂ ਲੰਮੇ ਬਹਿਰ ਵਾਲੀਆਂ ਹਨ। ਕੁਝ ਇੱਕ ਗ਼ਜ਼ਲਾਂ ਵਿੱਚ ਦੋ ਦੋ ਸ਼ਬਦਾਂ ਦੇ ਦੁਹਰਾਉ ਨਾਲ ਵੱਖਰਤਾ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਪੁਸਤਕ ਦੀ ਦੂਜੀ ਗ਼ਜ਼ਲ ਵਿੱਚ ਇਹ ਜਾਦੂ ਉੱਭਰਵੇਂ ਰੂਪ ਵਿੱਚ ਪ੍ਰਗਟ ਹੋਇਆ ਹੈ :

ਗੁਲਸ਼ਨ-ਗੁਲਸ਼ਨ ਸਹਰਾ-ਸਹਰਾ, ਜੰਗਲ-ਜੰਗਲ ਆਗ ਲਗੀ ਹੈ
ਆਂਗਨ-ਆਂਗਨ ਮਰਘਟ-ਮਰਘਟ, ਆਂਚਲ-ਆਂਚਲ ਆਗ ਲਗੀ ਹੈ
ਮੌਸਮ-ਮੌਸਮ ਮਾਤਮ-ਮਾਤਮ, ਪਲ-ਪਲ-ਪਲ-ਪਲ ਆਗ ਲਗੀ ਹੈ
ਧਰਤੀ-ਧਰਤੀ ਝੁਲਸੀ-ਝੁਲਸੀ, ਬਾਦਲ-ਬਾਦਲ ਆਗ ਲਗੀ ਹੈ

(ਪੰਨਾ 20)

ਸਮਾਜ ਵਿੱਚ ਹਰ ਤਰ੍ਹਾਂ ਦੇ ਬਾਸ਼ਿੰਦੇ ਹਨ- ਚੰਗੇ ਵੀ, ਮਾੜੇ ਵੀ। ਕੁਝ ਮਦਦਗਾਰ ਸਾਬਤ ਹੁੰਦੇ ਹਨ, ਕੁਝ ਲੁੱਟਾਂ ਖੋਹਾਂ/ਕਤਲੋ ਗਾਰਦ ਵਿੱਚ ਮਸਰੂਫ਼ ਰਹਿੰਦੇ ਹਨ। ਇਸ ਲੰਮੇ ਚੌੜੇ ਬਿਰਤਾਂਤ ਨੂੰ ਸ਼ਾਇਰ ਇੱਕੋ ਸ਼ਿਅਰ ਵਿੱਚ ਕਿਵੇਂ ਸਮੇਟਦਾ ਹੈ :

ਬਸਤੀ ਪਰ ਜਬ ਸੰਕਟ ਆਯਾ, ਕੁਛ ਲੋਗੋਂ ਨੇ ਲੰਗਰ ਖੋਲੇ
ਕੁਛ ਲੋਗੋਂ ਨੇ ਲੂਟ ਮਚਾਈ, ਕੁਛ ਨੇ ਜੁਗਨੂੰ ਬਾਂਟੇ ਥੇ

(ਪੰਨਾ 22)

ਸ਼ੀਰਸ਼ਕ ਗ਼ਜ਼ਲ ਵਿੱਚ ਬਹੁਤ ਸਾਰੇ ਮਸਾਇਲ/ਵਿਸ਼ਿਆਂ ਨੂੰ ਛੋਹਿਆ ਗਿਆ ਹੈ ਤੇ ਕਾਫ਼ੀਆ ਰਦੀਫ਼ ਵਿੱਚ 'ਲਹੂ ਕੇ ਗੁਲਾਬ' ਦਾ ਦੁਹਰਾਉ ਹੋਇਆ ਹੈ। ਸਿਕੰਦਰ, ਜੋ ਸਾਰੀ ਦੁਨੀਆਂ ਤੇ ਫ਼ਤਹਿ ਪਾਉਣਾ ਚਾਹੁੰਦਾ ਸੀ, ਆਖ਼ਰ ਖ਼ਾਲੀ ਹੱਥ ਹੀ ਚਲਾ ਗਿਆ। ਇਸ ਤੱਥ ਨੂੰ ਕਵੀ ਨੇ ਕਿੰਨੀ ਡੂੰਘਾਈ ਨਾਲ ਜ਼ਿੰਦਗੀ ਦੀ ਸਚਾਈ ਨਾਲ ਜੋੜਿਆ ਹੈ :

ਜੋ ਚਾਹਤਾ ਥਾ ਦੁਨੀਆ ਕੋ ਮੁੱਠੀ ਮੇਂ ਕਰਨਾ,
ਥੇ ਹਾਥ ਉਸਕੇ ਖ਼ਾਲੀ ਜਨਾਜ਼ੇ ਸੇ ਬਾਹਰ
ਖਿਲਾਤਾ ਰਹਾ ਉਮ੍ਰ ਭਰ ਹੀ ਅਨਾ ਕੇ
ਵੋ ਅਹਮਕ਼ ਸਿਕੰਦਰ ਲਹੂ ਕੇ ਗੁਲਾਬ

(ਪੰਨਾ 24)

ਕ਼ਲਮ ਦੀ ਤਾਕਤ ਨੂੰ ਸ਼ੈਦਾ ਜਿਹਾ ਦਾਨਿਸ਼ਵਰ ਗ਼ਜ਼ਲਗੋ ਹੀ ਸਮਝ ਸਕਦਾ ਹੈ, ਨਹੀਂ ਤਾਂ ਆਮ ਲੋਕ ਲੇਖਕ ਨੂੰ ਮੂਰਖ ਹੀ ਸਮਝਦੇ ਹਨ :

ਤੁਮ ਨਹੀਂ ਤਾਕ਼ਤ ਕ਼ਲਮ ਕੀ ਜਾਨਤੇ, ਸੋਚੋ ਜ਼ਰਾ
ਇਨਕ਼ਲਾਬੋਂ ਕਾ ਹੈ ਯੇ ਇੱਕ ਕਾਰਗਰ ਹਥਿਆਰ ਕਯੋਂ
ਜਿਸਕੇ ਫ਼ਨ ਕੋ ਸੋਨੇ ਚਾਂਦੀ ਸੇ ਖ਼ਰੀਦਾ ਜਾ ਸਕੇ
ਉਸਕੋ ਹਮ, 'ਸ਼ੈਦਾ' ਕਹੇਂਗੇ ਸਾਹਿਬੇ-ਕਿਰਦਾਰ ਕਯੋਂ

(ਪੰਨਾ 26)

ਅਜੋਕੇ ਮਾਨਵ ਦੀ ਤਣਾਅ ਭਰੀ ਜਟਿਲ ਜ਼ਿੰਦਗੀ ਨੂੰ ਵੇਖ ਕੇ ਇਹ ਜਾਪਦਾ ਹੈ ਕਿ ਉਹ ਇੱਕੋ ਸਮੇਂ ਵਿੱਚ ਕਈ ਹਿੱਸਿਆਂ ਵਿੱਚ ਵੰਡਿਆ ਹੋਇਆ ਹੈ। ਉਹ ਕਰਦਾ ਕੁਝ ਹੋਰ ਹੈ, ਸੋਚਦਾ ਕੁਝ ਹੋਰ; ਵਿੰਹਦਾ ਕੁਝ ਹੋਰ ਹੈ, ਲਿਖਦਾ ਕੁਝ ਹੋਰ... ਤੇ ਅਜਿਹੀ ਪਰੇਸ਼ਾਨੀ ਵਿੱਚ ਉਸਤੋਂ ਕੋਈ ਵੀ ਕੰਮ ਠੀਕ ਨਹੀਂ ਹੋ ਸਕਦਾ। ਮੈਂ ਇਹਦਾ ਕਾਰਨ ਤਕਨਾਲੋਜੀ ਨੂੰ ਮੰਨਦਾ ਹਾਂ, ਜੀਹਨੇ ਮਨੁੱਖ ਨੂੰ ਖੰਡ-ਖੰਡ ਕਰਨ ਵਿੱਚ ਵੱਡੀ ਭੂਮਿਕਾ ਨਿਭਾਈ ਹੈ :

ਦਿਲ ਕਹੀਂ, ਰੂਹ ਕਹੀਂ, ਜਿਸਮ ਕਹੀਂ ਪਰ ਹੋਗਾ
ਤੁਮ ਹਵਾਓਂ ਮੇਂ ਉੜੋਗੇ ਤੋ ਬਿਖਰ ਜਾਓਗੇ
ਅਕ਼ਲਮੰਦੋਂ ਕੀ ਜੋ ਸੋਹਬਤ ਮੇਂ ਰਹੋਗੇ 'ਸ਼ੈਦਾ'
ਅਪਨੇ ਕ਼ਦ ਸੇ ਭੀ ਕਹੀਂ ਊਂਚਾ ਉਭਰ ਜਾਓਗੇ

(ਪੰਨਾ 32)

ਜ਼ਿੰਦਗੀ ਸਿਰਫ਼ ਜਾਮੇ-ਸੁਰਾਹੀ, ਲਬੋ-ਰੁਖ਼ਸਾਰ ਦੇ ਹੀ ਪੇਚੋ-ਖ਼ਮ ਵਿੱਚ ਨਹੀਂ ਉਲਝੀ ਹੋਈ, ਸਗੋਂ ਇਹਦੇ ਸਾਹਮਣੇ ਭੁੱਖ, ਅਸਤਿਤਵ ਤੇ ਨਿੱਜਤਾ ਜਿਹੀਆਂ ਦੁਸ਼ਵਾਰੀਆਂ ਤੇ ਚੁਣੌਤੀਆਂ ਵੀ ਹਨ। ਮਨੁੱਖ ਦੀ ਜਵਾਂਮਰਦੀ ਏਸੇ ਵਿੱਚ ਹੈ ਕਿ ਉਹ ਜ਼ੁਲਮੋ-ਸਿਤਮ ਨਾਲ ਟਕਰਾਉਣ ਲਈ ਕਿਸੇ ਹੋਰ ਆਸਰੇ ਵੱਲ ਨਾ ਵੇਖੇ, ਕਿਸੇ ਤੋਂ ਮਦਦ ਲੈਣ ਦੀ ਗੁਹਾਰ ਨਾ ਲਾਵੇ, ਸਗੋਂ ਜਿੰਨਾ ਵੀ ਸੰਭਵ ਹੋਵੇ ਆਪਣੇ ਪੂਰੇ ਤਾਣ ਤੇ ਵੇਗ ਨਾਲ ਕੁੱਦ ਪਵੇ। ਕਿੰਨੀ ਵੀ ਭਿਆਨਕ ਤੇ ਕਾਲੀ ਰਾਤ ਕਿਉਂ ਨਾ ਹੋਵੇ, ਆਉਣ ਵਾਲਾ ਭਲਕ ਜ਼ਰੂਰ ਖ਼ੁਸ਼ਨੁਮਾ ਹੋਵੇਗਾ। ਆਸ਼ਾਵਾਦੀ ਸੋਚ ਤੇ ਭਵਿੱਖ ਦੇ ਸੁਨਹਿਰੀ ਸੁਪਨਿਆਂ ਨੂੰ ਤਰਜੀਹੀ ਤੌਰ ਤੇ ਰੇਖਾਂਕਿਤ ਕਰਦਾ ਹੋਇਆ ਕਵੀ ਲਿਖਦਾ ਹੈ

ਜੁਗਨੂੰ ਕੀ ਦਿਲੇਰੀ ਸੇ, ਲੀਜੇਗਾ ਸਬਕ਼ ਕੋਈ
ਲੜਤਾ ਹੈ ਅਕੇਲਾ ਹੀ, ਜ਼ੁਲਮਾਤ ਕੇ ਲਸ਼ਕਰ ਸੇ
ਨਸਲੇਂ ਹੀ ਚਲੋ ਅਪਨੀ, ਪੁਰਨੂਰ ਸਹਰ ਦੇਖੇਂ
ਆਓ ਕਿ ਲੜੇਂ ਜਮਕਰ, ਹਮ ਰਾਤ ਕੇ ਲਸ਼ਕਰ ਸੇ

(ਪੰਨਾ 33)

ਸ਼ੈਦਾ ਅਜਿਹਾ ਹੱਸਾਸ ਤੇ ਸੰਵੇਦਨਸ਼ੀਲ ਕਵੀ ਹੈ ਜੋ ਲੋਕਾਂ ਦੇ ਦੁਖਾਂ, ਹੰਝੂਆਂ, ਪਰੇਸ਼ਾਨੀਆਂ ਤੋਂ ਹਮੇਸ਼ਾ ਵਿਚਲਿਤ ਰਹਿੰਦਾ ਹੈ।
ਇਸ ਕਿਤਾਬ ਨੂੰ ਕਵੀ ਨੇ ਸੰਸਾਰ ਦੀ ਸੁਖ-ਸ਼ਾਂਤੀ, ਖ਼ੁਸ਼ਹਾਲੀ ਅਤੇ ਸਲਾਮਤੀ ਨੂੰ ਸਮਰਪਿਤ ਕੀਤਾ ਹੈ। ਇਨ੍ਹਾਂ ਸਮੱਸਿਆਵਾਂ ਤੋਂ ਘਬਰਾ ਜਾਣਾ, ਪਲਾਇਣ ਕਰ ਜਾਣਾ ਵੀ ਕਾਇਰਤਾ ਦੀ ਨਿਸ਼ਾਨੀ ਹੈ। ਅਸਲੀ ਯੋਧਾ ਉਹੀ ਹੈ ਜੋ ਜੰਗੇ-ਮੈਦਾਨ ਵਿੱਚ ਸਿਰ ਤੇ ਕਫ਼ਨ ਬੰਨ੍ਹ ਕੇ ਜੂਝ ਪਵੇ :

ਮੇਰੇ ਸ਼ੇ'ਰੋਂ ਮੇਂ ਲੋਗੋਂ ਕੇ ਦੁਖ ਹੈਂ, ਆਂਸੂ ਹੈਂ, ਖ਼ੁਸ਼ੀਆਂ ਹੈਂ
ਹਰ ਪਲ ਚਿੰਤਨ ਔਰ ਮਨਨ ਨੇ ਹਕ਼ ਸਚ ਕਾ ਪਰਚਮ ਲਹਰਾਯਾ
ਜੀਨਾ ਬੇਸ਼ਕ ਰਾਸ ਨ ਆਯਾ, ਸਾਰਾ ਜੀਵਨ, 'ਸ਼ੈਦਾ' ਮੁਝ ਕੋ
ਪਰ ਸੰਘਰਸ਼ ਕੀ ਰਾਹ ਅਪਨਾਈ, ਮਰ ਜਾਨਾ ਨ ਮਨ ਕੋ ਭਾਯਾ

(ਪੰਨਾ 34)

ਗਹਰੀ ਨੀਂਦ ਸੇ ਜਾਗੋ, ਉਠੋ, ਔਰ ਸੰਘਰਸ਼ ਮੇਂ ਜੂਝੋ
ਵਕਤ ਕੀ ਨਾਦ ਸੁਨੋ ਬੰਧੁ, ਤੁਮ ਕੋ ਲਲਕਾਰ ਪੜੀ ਹੈ

(ਪੰਨਾ 53)

ਪੰਨਾ 48 ਤੇ 'ਐ ਦੋਸਤ' ਤੇ 'ਏ ਦੋਸਤ' ਵੱਖ ਵੱਖ ਸ਼ਬਦਜੋੜਾਂ ਵਿੱਚ ਲਿਖਿਆ ਗਿਆ ਹੈ ਪਰ ਹਿੰਦੀ ਵਿੱਚ 'ਏ' ਸਹੀ ਹੈ, 'ਐ' ਨਹੀਂ। ਕਵੀ ਨੇ ਇਨ੍ਹਾਂ ਨੂੰ ਹਿੰਦੀ ਗ਼ਜ਼ਲਾਂ ਦਾ ਨਾਂ ਦਿੱਤਾ ਹੈ ਪਰ ਇਨ੍ਹਾਂ ਵਿੱਚ ਪ੍ਰਸਤੁਤ ਸ਼ਬਦ/ਵਾਕੰਸ਼ ਜ਼ਿਆਦਾਤਰ ਫ਼ਾਰਸੀ/ਅਰਬੀ ਵਾਲੇ ਹਨ। ਉਸ ਨੇ ਇਨ੍ਹਾਂ ਨੂੰ ਅਰਬੀ-ਫ਼ਾਰਸੀ ਸ਼ਬਦਜੋੜਾਂ ਮੁਤਾਬਕ ਲਿਖਣ ਨੂੰ ਤਰਜੀਹ ਦਿੱਤੀ ਹੈ, ਯਾਨੀ ਹਰ ਸ਼ਬਦ ਨੂੰ ਤਤਸਮ ਰੂਪ ਵਿੱਚ ਵਰਤਿਆ ਗਿਆ ਹੈ। ਇਸ ਕਿਤਾਬ ਦਾ ਇਹ ਹਾਸਲ ਹੈ ਕਿ ਮੁਸ਼ਕਿਲ ਸ਼ਬਦਾਂ ਦੇ ਅਰਥ ਅੰਤ ਵਿੱਚ ਦਿੱਤੇ ਗਏ ਹਨ।
ਪਰ ਇੱਥੇ ਸਾਰੇ ਮੁਸ਼ਕਿਲ ਸ਼ਬਦ ਨਹੀਂ ਆ ਸਕੇ। ਅਰਥ-ਵਿਧੀ ਵੀ ਠੀਕ ਨਹੀਂ। ਇਨ੍ਹਾਂ ਨੂੰ ਅੰਕ ਪਾ ਕੇ ਜਾਂ ਪੰਨੇਵਾਰ ਜਾਂ ਫੁੱਟਨੋਟ ਵਿੱਚ ਲਿਖਿਆ ਜਾਣਾ ਚਾਹੀਦਾ ਸੀ। ਉਤਸ਼ਾਹ, ਪ੍ਰੇਰਨਾ ਅਤੇ ਸੰਘਰਸ਼ ਦੀਆਂ ਜ਼ਾਮਿਨ ਸ਼ੈਦਾ ਦੀਆਂ ਗ਼ਜ਼ਲਾਂ ਤਹਕ਼ੀਕ਼-ਓ-ਤਵਾਰੀਖ਼ ਵਿੱਚ ਜ਼ਲਜ਼ਲਾ ਪੈਦਾ ਕਰਨ ਦੀ ਸਮਰੱਥਾ ਰੱਖਦੀਆਂ ਹਨ, ਅਜਿਹਾ ਮੇਰਾ ਵਿਸ਼ਵਾਸ ਹੈ!




A One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੈਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354

# ਸ਼ਰਾਰਤੀ ਬੱਚਾ



ਇੱਕ ਵਾਰ ਦੀ ਗੱਲ ਹੈ। ਇੱਕ ਪਿੰਡ ਸੀ। ਉੱਥੇ ਇੱਕ ਬੱਚਾ ਰਹਿੰਦਾ ਸੀ। ਉਹ ਬਹੁਤ ਸ਼ਰਾਰਤੀ ਸੀ। ਉਹ ਹਮੇਸ਼ਾ ਸ਼ਰਾਰਤਾਂ ਕਰਦਾ ਰਹਿੰਦਾ। ਇੱਕ ਦਿਨ ਉਹ ਬੂਟੇ 'ਤੇ ਚੜ੍ਹ ਗਿਆ ਅਤੇ ਉਸਨੇ ਬੂਟੇ ਦੇ ਸਾਰੇ ਅਮਰੂਦ ਤੋੜ ਦਿੱਤੇ। ਉਸ ਦੀ ਮੰਮੀ ਨੇ ਉਸਨੂੰ ਰੋਕਿਆ। ਪਰ ਉਹ ਫਿਰ ਵੀ ਨਹੀਂ ਮੰਨਿਆ। ਥੋੜ੍ਹੇ ਸਮੇਂ ਬਾਅਦ ਉਸਦੇ ਇੱਕ ਮਧੂ - ਮੱਖੀ ਲੜ ਗਈ। ਫਿਰ ਉਹ ਬਹੁਤ ਰੋਇਆ। ਹੁਣ ਉਸ ਨੇ ਸ਼ਰਾਰਤਾਂ ਕਰਨੀਆਂ ਛੱਡ ਦਿੱਤੀਆਂ। ਸਾਨੂੰ ਇਸ ਕਹਾਣੀ ਤੋਂ ਇਹ ਸਿੱਖਿਆ ਮਿਲਦੀ ਹੈ ਕਿ ਸਾਨੂੰ ਸ਼ਰਾਰਤਾਂ ਨਹੀਂ ਕਰਨੀਆਂ ਚਾਹੀਦੀਆਂ।



**ਨਮਨਜੋਤ ਸਿੰਘ, ਜਮਾਤ ਚੌਥੀ**
**ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਗੰਭੀਰਪੁਰ ਲੋਅਰ, ਜਿਲ੍ਹਾ ਰੂਪਨਗਰ,**
**ਗਾਈਡ ਅਧਿਆਪਕ**
**ਮਾਸਟਰ ਸੰਜੀਵ ਧਰਮਾਣੀ**
**9478561356**

# ਹਕੀਕਤ

*-ਸਿੱਖ ਕੌਮ ਅੰਦਰ ਸਭਿਆਚਾਰ ਪਖੋਂ ਪਤਨ ਆਉਣ ਨਾਲ ਜਿਥੇ ਗਦਾਰ ਲੀਡਰਾਂ ਦੀ ਟੋਲੀ ਵਿਚ ਵਾਧਾ ਹੋਇਆ ਉਥੇ ਹਜ਼ਾਰਾਂ ਜੁਝਾਰੂ ਸਿੰਘ ਵੀ ਮੈਦਾਨ ਵਿਚ ਆ ਨਿਤਰੇ ਇਹ ਸੋਚਕੇ ਕਿ ਹਿੰਦੂ ਦੇ ਗੁਲਾਮ ਰਹਿਣ ਨਾਲੋਂ ਮਰ ਮਿਟ ਕੇ ਅਜ਼ਾਦ ਹੋਣਾ ਚੰਗਾ ਹੈ।

*-ਸਿੱਖਾਂ ਦੇ ਮਨਾਂ ਅੰਦਰ ਹਮੇਸ਼ਾਂ ਹੀ ਅਜ਼ਾਦ ਸਿੱਖ ਕੌਮ ਦਾ ਸੰਕਲਪ ਉਸਲਵੱਟੇ ਲੈਂਦਾ ਰਿਹਾ ਹੈ।

*-ਤਾਕਤ ਦਾ ਦਾਬਾ ਸਿੱਖਾਂ ਨੂੰ ਕਦੀ ਨਹੀਂ ਦਬਾ ਸਕਿਆ।

*-ਇਰਾਦਾ ਕਤਲ ਕੇਸ ਧਾਰਾ 307 ਉਨ੍ਹਾਂ ਤੇ ਵੀ ਲੱਗੇ ਜੋ ਖਾਣ ਪੀਣ ਵਾਲੀਆਂ ਚੀਜਾਂ ਕੈਮੀਕਲ ਤੋਂ ਬਣਾ ਕੇ ਵੇਚ ਰਹੇ ਹਨ ਇਹ ਕੋਈ ਸਧਾਰਨ ਮਿਲਾਵਟ ਨਹੀਂ ਹੈ ਇਹ ਮੌਤ ਵੇਚ ਰਹੇ ਹਨ।

*-ਬੜਾ ਫ਼ਰਕ ਹੁੰਦਾ ਜੁੱਤੀ ਘਸਾ ਕੇ ਬਣਾਈ ਪਹਿਚਾਣ ਵਿੱਚ ਤੇ ਜੁੱਤੀ ਚੱਟ ਕੇ ਬਣਾਈ ਪਹਿਚਾਣ ਵਿੱਚ।

*-ਬਹੁਤੀਆਂ ਵਗਾਰਾਂ ਵਾਲੇ, ਮਤਲਵੀ ਯਾਰਾਂ ਵਾਲੇ, ਖਤਰਨਾਕ ਹਥਿਆਰਾਂ ਵਾਲੇ, ਬੇਸਮਝ ਨਾਰਾਂ ਵਾਲੇ ਰੋਂਦੇ ਹੀ ਮਿਲਣਗੇ

*-ਸਰੀਰ ਦੇ ਨੰਗ ਨੂੰ ਤਾਂ ਕੱਪੜੇ ਵੀ ਢੱਕ ਲੈਂਦੇ ਨੇ, ਪਰ ਜਦੋਂ ਇੱਜ਼ਤਾਂ ਨੰਗੀਆਂ ਹੁੰਦੀਆਂ ਨੇ ਤਾਂ ਕੰਧਾਂ ਵੀ ਪਰਦਾ ਕਰਨ ਤੋਂ ਇਨਕਾਰ ਕਰ ਦਿੰਦੀਆਂ ਨੇ।

*-ਖਾਲਸਾ ਪੰਚਾਇਤਾਂ ਦਾ ਸੰਕਲਪ ਲੈ ਕਿ ਤੁਰੇ ਹਰਿਮੰਦਰ ਸਿੰਘ ਸੰਧੂ ਨੇ ਦਿੱਲੀ ਦੇ ਪੈਰਾਂ ਹੇਠ ਅੱਗ ਬਾਲ ਦਿੱਤੀ ਸੀ, ਫਿਰ ਤੁਹਾਡੇ ਸਾਹਮਣੇ ਹੀ ਹੈ ਵਰਤਾਰਾ।

*-ਜਿਵੇਂ ਮਿੱਟੀ ਦੇ ਤੇਲ ਵਿੱਚ ਮਿੱਟੀ ਨਹੀਂ ਹੁੰਦੀ, ਆਲੂ ਬੁਖਾਰੇ ਵਿੱਚ ਆਲੂ ਨਹੀਂ ਹੁੰਦਾ, ਗੁਲਾਬ ਜ਼ਾਮਨ ਵਿੱਚ ਗੁਲਾਬ ਨਹੀਂ ਹੁੰਦਾ, ਰੂਹ ਅਫਜਾ ਵਿੱਚ ਰੂਹ ਨਹੀਂ ਹੁੰਦੀ ਇਵੇਂ ਹੀ ਕਰਾਮਾਤੀ ਬਾਬਿਆਂ ਵਿੱਚ ਕਰਾਮਾਤ ਨਹੀਂ ਹੁੰਦੀ।

*-ਛੱਡ ਦਿਲਾ ਹੁਣ ਚਿਹਰੇ ਪੜ੍ਹਨਾ ਚਿਹਰਿਆਂ ਉੱਪਰ ਵੀ ਨਕ਼ਾਬ ਹੁੰਦੇ ਨੇ, ਸਿਰਲੇਖ ਹੋਰ ਤੇ ਅੰਦਰੋਂ ਹੋਰ ਹੁੰਦੇ ਕਹਿਣ ਨੂੰ ਜੋ ਖੁੱਲੀ ਕਿਤਾਬ ਹੁੰਦੇ ਨੇ।



**Paramjit Singh Sekhon (Dakha)**
President, Dal Khalsa Alliance
1700 Shattuck Ave, # 303 Berkeley
CA 94709. (510)774 5909.
*A Nonprofit Organization Dedicated to Public Awareness*

**LARRY T. NIERMEYER**
**Attorney at Law**



OFFERING SERVICES IN THE FOLLOWING AREAS





1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation

**PHONE: (209) 574-9447**

**1420 F STREET ST_ 2ND FLOOR MODESTO, CA 95354**
Email : ltniermeyer@aol.com

# SUNLIGHT ADULT DAY HEALTH CARE CENTRE

ਬੁਢਾਪੇ ਨੂੰ ਖ਼ੁਸ਼ਹਾਲ ਤੇ ਰੰਗੀਨ ਬਣਾਓ
ਨਵੀਆਂ-ਨਵੀਆਂ communities ਦੇ
ਲੋਕਾਂ ਨਾਲ ਬਿਤਾਓ ਸਮਾਂ



**ਸੋਮਵਾਰ ਤੋਂ ਸ਼ੁਕਰਵਾਰ ਸਵੇਰੇ 9:00 ਵਜੇ ਤੋਂ ਦੁਪਹਿਰ 1:00 ਵਜੇ ਤੱਕ**




Bus Pickup & Drop
ਸਾਫ਼- ਸੁਥਰਾ ਮਾਹੌਲ
Health Care Facility

Physical, Occupational & Speech Therapy
Dietition ਦੁਆਰਾ ਤਿਆਰ Nutritional Diet
ਮੈਡੀਕਲ ਸਹੂਲਤਾਂ Entertainment ਲਈ GAMES

ਅਸੀਂ ਤੁਹਾਡਾ ਮਨਪਸੰਦ 'ਇੰਡੀਅਨ ਖਾਣਾ' ਵੀ provide ਕਰਦੇ ਹਾਂ



ਅਗਰ ਤੁਹਾਡੇ ਕੋਲ ਮੈਡੀਕਲ ਹੈ ਤਾਂ ਸੈਂਟਰ ਵੱਲੋਂ
ਤੁਹਾਨੂੰ ਸਾਰੀਆਂ ਸੇਵਾਵਾਂ ਮੁਫ਼ਤ ਮਿਲਣਗੀਆਂ

ADDRESS:1581 Cummins Drive Suite 100, Modesto, CA 95358

**CALL TODAY AT - (209) 408-0019**
Email : sunlightadhc@yahoo.com

ਅਸੀਂ ਹਰ ਸਮੇਂ ਤੁਹਾਡੀ ਮਦਦ ਲਈ ਤਿਆਰ-ਬਰ -ਤਿਆਰ ਹਾਂ





# ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

**ਸੰਪਰਕ: +1 (209) 303-1260**